ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
easyvisa
8194 828282

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ ਅਮਨਦੀਪ ਮਹਿਰਾ

ਸ਼ਨੀਵਾਰ 20 ਅਪ੍ਰੈਲ 2024

EDUCATING LITERATES
LALLY
Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

R.N.I.Punpun/29016/2008 * ਸਾਲ 15 * ਅੰਕ : 326 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
easyvisa | 8194 828282

## ਇਰਾਨ ਦੇ ਪ੍ਰਮਾਣੂ ਟਿਕਾਣਿਆਂ ਤੇ ਇਜ਼ਰਾਈਲ ਨੇ ਕੀਤਾ ਹਮਲਾ



ਦੁਬਈ, - ਇਜ਼ਰਾਈਲ ਨੇ ਅੱਜ ਸਵੇਰੇ (ਭਾਰਤੀ ਸਮੇਂ ਅਨੁਸਾਰ) ਕਰੀਬ 6 ਵਜੇ ਇਰਾਨ 'ਤੇ ਮਿਜ਼ਾਈਲ-ਡਰੋਨ ਨਾਲ ਹਮਲਾ ਕੀਤਾ। ਇਰਾਨ ਦੇ ਇਸਫਹਾਨ ਸ਼ਹਿਰ ਦੇ ਹਵਾਈ ਅੱਡੇ ਦੇ ਨੇੜੇ ਧਮਾਕਿਆਂ ਦੀ ਆਵਾਜ਼ ਸੁਣੀ ਗਈ ਹੈ। ਹਾਲਾਂਕਿ ਇਜ਼ਰਾਈਲ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ ਹੈ। ਇਰਾਨ ਦੀ ਫਾਰਸ ਨਿਊਜ਼ ਏਜੰਸੀ ਨੇ ਵੀ ਧਮਾਕਿਆਂ ਦੀ ਆਵਾਜ਼ ਸੁਣਾਈ ਹੈ। ਫਲਾਈਟ ਟ੍ਰੈਕਿੰਗ ਵੈੱਬਸਾਈਟ ਫਲਾਈਟ ਰਡਾਰ ਮੁਤਾਬਕ ਧਮਾਕਿਆਂ ਤੋਂ ਬਾਅਦ ਇਰਾਨੀ ਹਵਾਈ ਖੇਤਰ ਤੋਂ ਕਈ ਉਡਾਣਾਂ ਨੂੰ ਮੋੜ ਦਿੱਤਾ ਗਿਆ ਹੈ।

## ਪਹਿਲੇ ਗੇੜ ਦੀਆਂ ਲੋਕ ਸਭਾ ਵੋਟਾਂ ਦਾ ਹੋਇਆ ਆਗਾਜ਼



**ਨਵੀਂ ਦਿੱਲੀ,** - ਲੋਕ ਸਭਾ ਚੋਣਾਂ ਦੇ ਪਹਿਲੇ ਪੜਾਅ 'ਚ ਅੱਜ ਦੇਸ਼ ਭਰ ਦੇ 21 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 102 ਸੀਟਾਂ 'ਤੇ ਵੋਟਿੰਗ ਜਾਰੀ ਹੈ। ਬਾਅਦ ਦੁਪਹਿਰ 3 ਵਜੇ ਤੱਕ 49.78 ਫੀਸਦੀ ਵੋਟਿੰਗ ਦਰਜ ਕੀਤੀ ਗਈ। ਪੱਛਮੀ ਬੰਗਾਲ 'ਚ ਵੋਟਿੰਗ ਦੌਰਾਨ ਹਿੰਸਾ ਦੀਆਂ ਕਈ ਘਟਨਾਵਾਂ ਸਾਹਮਣੇ ਆਈਆਂ ਹਨ ਅਤੇ ਛੱਤੀਸਗੜ੍ਹ 'ਚ ਆਈਈਡੀ ਧਮਾਕੇ 'ਚ ਕੇਂਦਰੀ ਰਿਜ਼ਰਵ ਪੁਲਸ ਫੋਰਸ (ਸੀਆਰਪੀਐੱਫ) ਦਾ ਕਮਾਂਡੈਂਟ ਜ਼ਖਮੀ ਹੋ ਗਿਆ ਹੈ। ਤਾਮਿਲਨਾਡੂ, ਅਰੁਣਾਚਲ ਪ੍ਰਦੇਸ਼, ਅੰਡੇਮਾਨ ਅਤੇ ਨਿਕੋਬਾਰ ਅਤੇ ਅਸਾਮ ਦੇ ਕੁਝ ਬੂਥਾਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਵਿੱਚ ਮਾਮੂਲੀ ਤਕਨੀਕੀ ਖਰਾਬੀ ਵੀ ਸਾਹਮਣੇ ਆਈ ਹੈ। ਵੋਟਿੰਗ

## ਵੋਟਾਂ ਮੌਕੇ ਮਨੀਪੁਰ ਚ ਪੋਲਿੰਗ ਬੂਥ ਤੇ ਚੱਲੀਆਂ ਗੋਲੀਆਂ



ਇੰਫਾਲ, 19 ਅਪ੍ਰੈਲ - ਲੋਕ ਸਭਾ ਚੋਣਾਂ ਦੇ ਪਹਿਲੇ ਪੜਾਅ ਦੌਰਾਨ ਮਨੀਪੁਰ ਦੇ ਇੰਫਾਲ ਦੇ ਮੋਇਰੰਗਕੰਪੂ ਸਜੇਬ ਅਵਾਂਗ ਲੀਕਾਈ 'ਚ ਇਕ ਪੋਲਿੰਗ ਬੂਥ 'ਤੇ ਅਣਪਛਾਤੇ ਬਦਮਾਸ਼ਾਂ ਵਲੋਂ ਗੋਲੀਬਾਰੀ ਅਤੇ ਝੜਪ ਦੀ ਘਟਨਾ ਵਾਪਰੀ ਹੈ । ਇਸ ਘਟਨਾ 'ਚ ਇਕ ਨਾਗਰਿਕ ਜ਼ਖਮੀ ਹੋ ਗਿਆ। ਮੋਇਰੰਗਕੰਪੂ ਦੀ ਬਲਾਕ ਪੱਧਰੀ ਅਧਿਕਾਰੀ ਸਜੇਬ ਸੁਰਬਾਲਾ ਦੇਵੀ ਨੇ ਦੱਸਿਆ ਕਿ ਅਚਾਨਕ ਦੋ ਵਿਅਕਤੀ ਇੱਥੇ ਆਏ ਅਤੇ ਕਾਂਗਰਸ ਅਤੇ ਭਾਜਪਾ ਦੇ ਪੋਲਿੰਗ ਏਜੰਟਾਂ ਬਾਰੇ ਪੁੱਛਿਆ। ਉਹ ਕਾਂਗਰਸੀ ਏਜੰਟ ਨੂੰ ਹੱਥ ਫੜ ਕੇ ਬਾਹਰ ਲੈ ਗਿਆ।

## ਨਾਗਪੁਰ ਵਿਚ ਪੰਜਾਬ ਦੇ ਰਾਜਪਾਲ ਨੇ ਪਾਈ ਵੋਟ



ਨਾਗਪੁਰ (ਮਹਾਰਾਸ਼ਟਰ), -ਪੰਜਾਬ ਦੇ ਰਾਜਪਾਲ ਬਨਵਾਰੀਲਾਲ ਪੁਰੋਹਿਤ ਨੇ ਅੱਜ ਲੋਕ ਸਭਾ ਚੋਣਾਂ ਦੌਰਾਨ ਮਹਾਰਾਸ਼ਟਰ ਦੇ ਨਾਗਪੁਰ ਵਿੱਚ ਪੋਲਿੰਗ ਬੂਥ 'ਤੇ ਆਪਣੀ ਵੋਟ ਪਾਈ। ਪੰਜਾਬ ਦੇ ਰਾਜਪਾਲ ਨੇ ਵੋਟ ਪਾਉਣ ਤੋਂ ਬਾਅਦ ਆਪਣੀ ਸਿਆਹੀ ਵਾਲੀ ਉਂਗਲ ਦਿਖਾਈ ਤੇ ਲੋਕਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ।

## ਪੰਜਾਬ ਵਿੱਚ ਅਪ੍ਰੈਲ ਮਹੀਨੇ ਮੌਸਮ ਹੋਇਆ ਦਸੰਬਰ ਵਰਗਾ



ਚੰਡੀਗੜ੍ਹ, ਵਿਨੋਦ ਸ਼ਰਮਾ- ਜਲੰਧਰ - ਪੰਜਾਬ ਵਿਚ ਲਗਾਤਾਰ ਮੌਸਮ ਦਾ ਮਿਜਾਜ਼ ਬਦਲ ਰਿਹਾ ਹੈ। ਇਸ ਦੌਰਾਨ ਅੱਜ ਦੁਪਹਿਰ ਬਾਅਦ ਪੰਜਾਬ ਦੇ ਕਈ ਹਿੱਸਿਆਂ ਵਿਚ ਕਾਲੀਆਂ ਘਟਾਵਾਂ ਛਾ ਗਈਆਂ ਅਤੇ ਕਈ ਥਾਵਾਂ 'ਤੇ ਤੇਜ਼ ਬਾਰਿਸ਼ ਵੀ ਹੋਈ। ਇਸ ਤੋਂ ਇਲਾਵਾ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ ਦੇ ਕਈ ਇਲਾਕਿਆਂ ਵਿਚ ਮੀਂਹ ਦੇ ਨਾਲ-ਨਾਲ ਗੜ੍ਹੇਮਾਰੀ ਵੀ ਹੋਈ ਹੈ। ਪੰਜਾਬ ਵਿਚ ਮੌਸਮ ਬਦਲਣ ਦੇ ਨਾਲ ਹੀ ਤੇਜ਼ ਹਵਾਵਾਂ ਵੀ ਚੱਲ ਰਹੀਆਂ ਹਨ।

## ਨੌਜਵਾਨ ਗਭਰੂ ਨੇ ਆਰਥਿਕ ਤੰਗੀ ਤੋਂ ਤੰਗ ਆ ਕੀਤੀ ਖੁਦਕੁਸ਼ੀ

ਗੁਰੂਸਰ ਸੁਧਾਰ- ਨੇੜਲੇ ਪਿੰਡ ਤੁਗਲ ਦੇ 33 ਸਾਲਾ ਮਜ਼ਦੂਰ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ ਹੈ। ਪਿੰਡ ਦੇ ਸਰਪੰਚ ਮਨਜੀਤ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਜੋਗਿੰਦਰ ਸਿੰਘ ਲੰਬੇ ਸਮੇਂ ਤੋਂ ਮਜ਼ਦੂਰੀ ਕਰਦਾ ਸੀ, ਘੱਟ ਆਮਦਨ ਅਤੇ ਪਰਿਵਾਰਿਕ ਗੁਜ਼ਾਰੇ ਲਈ ਕਾਫੀ ਕਰਜਾ ਚੁੱਕਿਆ ਹੋਇਆ ਸੀ ।

ਮਾਨਸਿਕ ਪ੍ਰੇਸ਼ਾਨੀ ਦਾ ਸ਼ਿਕਾਰ ਸੀ। ਜਿਸ ਦੇ ਚੱਲਦਿਆਂ ਬੀਤੀ ਦੇਰ ਰਾਤ ਉਸ ਨੇ ਫਾਹਾ ਲੈ ਕੇ ਖ਼ੁਦਕਸ਼ੀ ਕਰ ਲਈ। ਮ੍ਰਿਤਕ ਆਪਣੇ ਪਿੱਛੇ ਪਿਤਾ ,ਮਾਤਾ ਪਤਨੀ ਤੋਂ ਇਲਾਵਾ 11ਸਾਲ ਅਤੇ 4 ਸਾਲ ਦੀਆਂ ਦੋ ਬੱਚੀਆਂ ਨੂੰ ਛੱਡ ਗਿਆ ਹੈ।

## ਜਲੰਧਰ 'ਚ ਛੋਟੀ ਬੱਚੀ ਨਾਲ ਹੋਇਆ ਜ਼ਬਰ -ਜਿਨਾਹ ਦੋਸ਼ੀ ਕਾਬੂ

**ਜਲੰਧਰ, ਹਰਬੰਸ ਬਿੱਟੂ-** ਜਲੰਧਰ ਤੋਂ ਸ਼ਰਮਨਾਕ ਘਟਨਾ ਸਾਹਮਣੇ ਆਈ ਹੈ। ਇਥੇ ਇਕ ਗਲੀਆਂ ਵਿਚ ਮੰਗਣ ਵਾਲਾ ਵਿਅਕਤੀ ਬਾਬਾ ਬਣ ਕੇ 13 ਸਾਲਾ ਕੁੜੀ ਨਾਲ ਜਬਰ-ਜ਼ਿਨਾਹ ਕਰਦਾ ਰਿਹਾ। ਇਸ ਘਟਨਾ ਦਾ ਪਤਾ ਉਸ ਸਮੇਂ ਲੱਗਾ ਜਦੋਂ ਕੁੜੀ ਗਰਭਵਤੀ ਹੋ ਗਈ। ਪੁਲਸ ਨੇ ਕੁੜੀ ਦੇ ਪਿਤਾ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਸੋਨੂੰ ਬਾਬਾ ਵਾਸੀ ਬਿਆਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਬੱਚੀ ਦੀ ਮਾਂ ਦੀ 10 ਸਾਲ ਪਹਿਲਾਂ ਮੌਤ ਹੋ ਗਈ ਸੀ ਜਦਕਿ ਉਸ ਦਾ ਪਿਤਾ ਕੰਮ ਲਈ ਦੂਜੇ ਸ਼ਹਿਰ ਜਾਂਦਾ ਸੀ।

## ਆਪ ਦੀ ਸਰਕਾਰ 'ਚ ਜੇਲਾਂ ਵੀ ਨਹੀਂ ਸੁਰਖਿਅਤ ਦੋ ਕੈਦੀਆਂ ਦੀ ਮੌਤ

ਸੰਗਰੂਰ : ਸੰਗਰੂਰ ਜੇਲ੍ਹ ਵਿਚ ਖ਼ੂਨੀ ਝੜਪ ਹੋਣ ਦੀ ਖ਼ਬਰ ਹੈ। ਦੱਸਿਆ ਜਾ ਰਿਹਾ ਹੈ ਕਿ, ਕੈਦੀਆਂ ਵਿਚਾਲੇ ਹੋਈ ਇਸ ਝੜਪ ਦੇ ਵਿਚ ਦੋ ਕੈਦੀਆਂ ਦੀ ਮੌਤ ਹੋ ਗਈ ਹੈ, ਜਦੋਂਕਿ ਦੋ ਕੈਦੀ ਜ਼ਖਮੀ ਹੋ ਗਏ ਹਨ। ਜ਼ਖਮੀਆਂ ਨੂੰ ਸਿਵਲ ਹਸਪਤਾਲ ਸੰਗਰੂਰ 'ਚ ਲਿਆਂਦਾ ਗਿਆ। ਡਾਕਟਰਾਂ ਨੇ ਹਾਲਤ ਨੂੰ ਗੰਭੀਰ ਦੇਖਦੇ ਹੋਏ ਦੋ ਜ਼ਖ਼ਮੀ ਕੈਦੀਆਂ ਨੂੰ ਰਜਿੰਦਰਾ ਹਸਪਤਾਲ ਪਟਿਆਲਾ ਰੈਫਰ ਕਰ ਦਿੱਤਾ।

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਲੋਕ ਸਭਾ ਚੋਣਾਂ ਤੋਂ ਪਹਿਲਾਂ ਅੱਤਵਾਦੀ ਹਮਲਾ, ਗੈਰ-ਕਸ਼ਮੀਰੀ ਲੋਕਾਂ 'ਤੇ ਗੋਲੀਬਾਰੀ, ਵਿਅਕਤੀ ਦੀ ਮੌਤ



**ਜੰਮੂ ਕਸ਼ਮੀਰ-** ਕਸ਼ਮੀਰ ਘਾਟੀ ਦੇ ਅਨੰਤਨਾਗ ਜ਼ਿਲ੍ਹੇ ਵਿੱਚ ਅੱਤਵਾਦੀ ਹਮਲੇ ਦੀ ਖ਼ਬਰ ਹੈ। ਦੱਸਿਆ ਜਾ ਰਿਹਾ ਹੈ ਕਿ ਜ਼ਿਲ੍ਹੇ ਦੇ ਬਿਜਬਿਹਾਰਾ 'ਚ ਗੈਰ-ਕਸ਼ਮੀਰੀ ਲੋਕਾਂ 'ਤੇ ਗੋਲੀਆਂ ਚਲਾਈਆਂ ਗਈਆਂ ਹਨ।

ਇਸ ਨੂੰ ਅੱਤਵਾਦੀ ਹਮਲਾ ਕਿਹਾ ਜਾ ਰਿਹਾ ਹੈ। ਅੱਤਵਾਦੀਆਂ ਦੇ ਨਿਸ਼ਾਨੇ 'ਤੇ ਗੈਰ-ਕਸ਼ਮੀਰੀ ਨਾਗਰਿਕ ਸਨ। ਗੋਲੀਬਾਰੀ ਕਰਦੇ ਹੋਏ ਅੱਤਵਾਦੀ ਭੱਜ ਗਏ। ਇਸ ਹਮਲੇ ਵਿੱਚ ਬਿਹਾਰ ਦੇ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ।

ਇਕ ਪਾਸੇ ਜਿੱਥੇ ਲੋਕ ਸਭਾ ਚੋਣਾਂ 2024 ਨੂੰ ਲੈ ਕੇ ਦੇਸ਼ 'ਚ ਸਿਆਸੀ ਸਰਗਰਮੀਆਂ ਤੇਜ਼ ਹਨ, ਉਥੇ ਹੀ ਦੂਜੇ ਪਾਸੇ ਜੰਮੂ-ਕਸ਼ਮੀਰ 'ਚ ਅੱਤਵਾਦੀ ਹਮਲਾ ਹੋਇਆ ਹੈ। ਅਨੰਤਨਾਗ 'ਚ ਅੱਤਵਾਦੀਆਂ ਨੇ ਬਾਹਰੀ ਲੋਕਾਂ 'ਤੇ ਗੋਲੀਬਾਰੀ ਕੀਤੀ। ਇਹ ਗੋਲੀਬਾਰੀ ਬਿਹਾਰ ਦੇ ਦੋ ਲੋਕਾਂ 'ਤੇ ਹੋਈ। ਦੋਹਾਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਿੱਥੇ ਡਾਕਟਰ ਨੇ ਇਕ ਵਿਅਕਤੀ ਨੂੰ ਮ੍ਰਿਤਕ ਐਲਾਨ ਦਿੱਤਾ।

ਅਨੰਤਨਾਗ-ਰਾਜੌਰੀ ਲੋਕ ਸਭਾ ਸੀਟ ਲਈ ਤੀਜੇ ਪੜਾਅ 'ਚ 7 ਮਈ ਨੂੰ ਵੋਟਿੰਗ ਹੋਵੇਗੀ। ਇਸ ਤੋਂ ਪਹਿਲਾਂ ਇਸ ਇਲਾਕੇ ਵਿੱਚ ਇੱਕ ਅੱਤਵਾਦੀ ਘਟਨਾ ਵਾਪਰੀ ਸੀ। ਅੱਤਵਾਦੀ ਆਮ ਲੋਕਾਂ 'ਤੇ ਗੋਲੀਬਾਰੀ ਕਰਨ ਤੋਂ ਬਾਅਦ ਫਰਾਰ ਹੋ ਗਏ। ਮ੍ਰਿਤਕ ਦੀ ਪਛਾਣ ਬਿਹਾਰ ਦੇ ਰਹਿਣ ਵਾਲੇ ਰਾਜੂ ਸ਼ਾਹ ਵਜੋਂ ਹੋਈ ਹੈ। ਸੁਰੱਖਿਆ ਬਲਾਂ ਨੇ ਪੂਰੇ ਇਲਾਕੇ ਨੂੰ ਘੇਰ ਕੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ।

ਇਸ ਸਾਲ ਹੁਣ ਤੱਕ ਗੈਰ-ਕਸ਼ਮੀਰੀ ਲੋਕਾਂ 'ਤੇ ਇਹ ਤੀਜਾ ਅੱਤਵਾਦੀ ਹਮਲਾ ਹੈ। ਇਸ ਤੋਂ ਪਹਿਲਾਂ 7 ਫਰਵਰੀ ਨੂੰ ਸ੍ਰੀਨਗਰ 'ਚ ਅੱਤਵਾਦੀਆਂ ਨੇ ਪੰਜਾਬ ਦੇ ਇਕ ਵਿਅਕਤੀ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਗੋਲੀਬਾਰੀ ਵਿੱਚ ਹੋਰ ਪ੍ਰਵਾਸੀ ਮਜ਼ਦੂਰ ਵੀ ਜ਼ਖ਼ਮੀ ਹੋ ਗਏ। 8 ਅਪ੍ਰੈਲ ਨੂੰ ਸ਼ੋਪੀਆਂ ਜ਼ਿਲੇ 'ਚ ਅੱਤਵਾਦੀਆਂ ਨੇ ਇਕ ਗੈਰ-ਸਥਾਨਕ ਕੈਬ ਡਰਾਈਵਰ 'ਤੇ ਗੋਲੀ ਚਲਾ ਦਿੱਤੀ ਸੀ, ਜਿਸ ਨਾਲ ਉਹ ਜ਼ਖਮੀ ਹੋ ਗਿਆ ਸੀ।

## ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ ਦੀ ਅਗਵਾਈ ਹੇਠ ਪੰਜਾਬ ਪੁਲਿਸ ਤੇ ਅਰਧ ਸੈਨਿਕ ਬਲਾਂ ਦੇ ਜਵਾਨਾਂ ਵੱਲੋਂ ਗੁਰਦਾਸਪੁਰ ਵਿਖੇ ਫਲੈਗ ਮਾਰਚ



ਗੁਰਦਾਸਪੁਰ-ਨਵਨੀਤ ਕੁਮਾਰ - ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਮਕਸਦ ਤਹਿਤ ਐੱਸ. ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ ਦੀ ਅਗਵਾਈ ਹੇਠ ਅੱਜ ਪੰਜਾਬ ਪੁਲਿਸ, ਬੀ.ਐੱਸ. ਐੱਫ. ਅਤੇ ਏ.ਆਰ.ਪੀ. ਦੇ ਜਵਾਨਾਂ ਵੱਲੋਂ ਗੁਰਦਾਸਪੁਰ ਸ਼ਹਿਰ ਵਿਖੇ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਪੁਲਿਸ ਲਾਈਨ ਤੋਂ ਸ਼ੁਰੂ ਹੋ ਕੇ ਹਨੂਮਾਨ ਚੌਂਕ, ਗੀਤਾ ਭਵਨ ਚੌਂਕ, ਪੈਟਰੋਲ ਪੰਪ ਸਮੇਤ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚੋਂ ਹੁੰਦਾ ਵਾਪਸ ਪੁਲਿਸ ਲਾਈਨ ਵਿਖੇ ਪਹੁੰਚ ਕੇ ਸਮਾਪਤ ਹੋਇਆ। ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਪੁਲਿਸ ਵਿਭਾਗ ਅਤੇ ਅਰਧ ਸੈਨਿਕ ਬਲਾਂ ਦੀ ਸਮੁੱਚੀ ਟੀਮ ਇਨ੍ਹਾਂ ਚੋਣਾਂ ਨੂੰ ਨਿਰਪੱਖ ਢੰਗ ਨਾਲ ਕਰਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਕਿਸੇ ਤੋਂ ਵੀ ਡਰਨ ਜਾਂ ਦਬਾਅ ਵਿੱਚ ਆਉਣ ਦੀ ਬਿਲਕੁਲ ਵੀ ਜ਼ਰੂਰਤ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਫਲੈਗ ਮਾਰਚ ਰਾਹੀਂ ਸਮਾਜ ਵਿਰੋਧੀ ਅਨਸਰਾਂ ਨੂੰ ਵੀ ਇਹ ਸੁਨੇਹਾ ਦਿੱਤਾ ਗਿਆ ਹੈ ਕਿ ਉਹ ਚੋਣਾਂ ਦੌਰਾਨ ਡਰ ਜਾਂ ਭੈਅ ਦਾ ਮਹੌਲ ਬਣਾਉਣ ਬਾਰੇ ਸੋਚਣ ਵੀ ਨਾ ਕਿਉਂਕਿ ਪੁਲਿਸ ਵਿਭਾਗ ਅਤੇ ਸਾਡੀਆਂ ਸੁਰੱਖਿਆ ਫੋਰਸਾਂ ਅਜਿਹੇ ਅਨਸਰਾਂ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਨ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ ਨੇ ਅੱਗੇ ਕਿਹਾ ਕਿ ਵੋਟ ਪਾਉਣਾ ਸਾਰੇ ਵੋਟਰਾਂ ਦਾ ਸੰਵਿਧਾਨਿਕ ਹੱਕ ਅਤੇ ਵੋਟਰ ਬਿਨਾਂ ਕਿਸੇ ਡਰ, ਭੈਅ ਦੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪੋਲਿੰਗ ਬੂਥਾਂ ਉੱਪਰ ਪਹੁੰਚਣ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਤੇ ਹੋਰ ਸੁਰੱਖਿਆ ਬਲ ਦਿਨ-ਰਾਤ ਲੋਕਾਂ ਦੀ ਸੁਰੱਖਿਆ ਲਈ ਹਾਜ਼ਰ ਹਨ।




## ਸਕੂਲੀ ਬੱਸ ਤੇ ਟਰੱਕ ਵਿਚਾਲੇ ਭਿਆਨਕ ਟੱਕਰ, ਕਈ ਬੱਚੇ ਜ਼ਖਮੀ

**ਚੰਡੀਗੜ੍ਹ-** ਪੰਜਾਬ ਦੇ ਬਰਨਾਲਾ ਦੇ ਧਨੌਲਾ ਵਿਚ ਸਕੂਲੀ ਬੱਸ ਤੇ ਟਰੱਕ ਵਿਚਾਲੇ ਭਿਆਨਕ ਟੱਕਰ ਹੋਣ ਦੀ ਖ਼ਬਰ ਪ੍ਰਾਪਤ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ, ਇਸ ਹਾਦਸੇ ਵਿਚ ਕਰੀਬ 14 ਬੱਚੇ ਜ਼ਖਮੀ ਹੋ ਗਏ ਹਨ। ਮਿਲੀ ਜਾਣਕਾਰੀ ਮੁਤਾਬਿਕ ਸਕੂਲੋਂ ਛੁੱਟੀ ਹੋਣ ਤੋਂ ਬਾਅਦ ਵਿਦਿਆਰਥੀ ਸਕੂਲੀ ਬੱਸ ਵਿਚ ਸਵਾਰ ਹੋ ਕੇ ਘਰਾਂ ਨੂੰ ਵਾਪਸ ਆ ਰਹੇ ਸਨ। ਜਦੋਂ ਉਹ ਧਨੌਲਾ ਕੋਲ ਪੁੱਜੇ ਤਾਂ, ਸਕੂਲੀ ਬੱਸ ਦੀ ਇੱਕ ਟਰੱਕ ਦੇ ਨਾਲ ਭਿਆਨਕ ਟੱਕਰ ਹੋਣ ਗਈ। ਇਹ ਟੱਕਰ ਇੰਨੀਂ ਜਿਆਦਾ ਭਿਆਨਕ ਸੀ ਕਿ, ਬੱਸ ਵਿਚ ਸਵਾਰ ਕਰੀਬ 14 ਬੱਚੇ ਜ਼ਖਮੀ ਹੋ ਗਏ, ਜਦੋਂਕਿ ਬੱਸ ਦਾ ਡਰਾਈਵਰ ਅਤੇ ਹੈਲਵਰ ਵੀ ਇਸ ਹਾਦਸੇ ਵਿਚ ਜ਼ਖਮੀ ਹੋ ਗਏ। ਦੂਜੇ ਪਾਸੇ, ਆਸ ਪਾਸ ਦੇ ਲੋਕਾਂ ਨੇ ਤੁਰੰਤ ਮੌਕੇ ਤੇ ਪਹੁੰਚ ਕੇ ਜ਼ਖਮੀ ਬੱਚਿਆਂ ਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ। ਦੱਸ ਦਈਏ ਕਿ, ਇਹ ਪਤਾ ਲੱਗਣਾ ਹਾਲੇ ਬਾਕੀ ਹੈ ਕਿ, ਬੱਚੇ ਕਿਹੜੇ ਸਕੂਲ ਦੇ ਸਨ ਅਤੇ ਬੱਚਿਆਂ ਦੇ ਨਾਮ ਵਗੈਰਾਂ ਕੀ ਸਨ।

# ਮੋਟੀ ਤਨਖ਼ਾਹ ਲੈ ਕੇ ਢਿੱਡ ਨਹੀਂ ਭਰਿਆ ਥਾਣੇਦਾਰ ਦਾ !

## ਵਿਜੀਲੈਂਸ ਨੇ 15000 ਰੁਪਏ ਰਿਸ਼ਵਤ ਲੈਂਦਾ ਦਬੋਚਿਆ



ਚੰਡੀਗੜ੍ਹ- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿਮ ਦੌਰਾਨ ਅੱਜ ਥਾਣਾ ਸਦਰ ਪੱਟੀ, ਜ਼ਿਲ੍ਹਾ ਤਰਨਤਾਰਨ ਵਿਖੇ ਤਫਤੀਸ਼ੀ ਅਫ਼ਸਰ ਵਜੋਂ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਕਰਮ ਸਿੰਘ ਨੂੰ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਤਰਨਤਾਰਨ ਦੇ ਪਿੰਡ ਸਰਹਾਲੀ ਕਲਾਂ ਦੀ ਵਸਨੀਕ ਵੀਰੋ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਕਤ ਏ.ਐਸ.ਆਈ ਨੇ ਉਸਦੇ ਜਵਾਈ ਖ਼ਿਲਾਫ਼ ਥਾਣਾ ਸਦਰ ਵਿੱਚ ਦਰਜ ਇੱਕ ਪੁਲਿਸ ਕੇਸ ਵਿੱਚ ਉਸਦਾ ਪੱਖ ਲੈਣ ਬਦਲੇ 65,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਉਸ ਨੇ ਅੱਗੇ ਦੱਸਿਆ ਕਿ ਉਕਤ ਮੁਲਜ਼ਮ ਪਹਿਲਾਂ ਵੀ ਰਿਸ਼ਵਤ ਵਜੋਂ 24,000 ਰੁਪਏ ਲੈ ਚੁੱਕਾ ਹੈ ਅਤੇ ਬਾਕੀ ਰਕਮ ਦੀ ਮੰਗ ਕਰ ਰਿਹਾ ਹੈ।

ਬੁਲਾਰੇ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਰਿਸ਼ਵਤ ਵਜੋਂ ਲਈ ਪਹਿਲੀ ਕਿਸ਼ਤ ਦੇ 24,000 ਰੁਪਏ ਵੀ ਬਰਾਮਦ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਪੁਲਿਸ ਮੁਲਾਜ਼ਮ ਦੇ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

# ਪੰਜਾਬ 'ਚ 14000 ਅਧਿਆਪਕਾਂ ਦੀ ਲੱਗੀ ਚੋਣ ਡਿਊਟੀ ! ਲੇਡੀ ਮੁਲਾਜ਼ਮਾਂ ਦੀ ਤੈਨਾਤੀ



ਚੰਡੀਗੜ੍ਹ- ਲੋਕ ਸਭਾ ਚੋਣਾਂ-2024 ਦੇ ਸਬੰਧ ਵਿੱਚ ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਵੱਲੋਂ ਨਿਵੇਕਲੀ ਪਹਿਲਕਦਮੀ ਕਰਦਿਆਂ ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ ਉੱਤੇ ਲਾਈਵ ਹੋ ਕੇ ਲੋਕਾਂ/ਵੋਟਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਦਿੱਤੇ ਗਏ। ਚੋਣ ਅਫ਼ਸਰ ਦੇ ਵਲੋਂ ਕਈ ਸਵਾਲਾਂ ਦੇ ਜਵਾਬ ਵੀ ਇਸ ਲਾਈਵ ਦੇ ਦੌਰਾਨ ਦਿੱਤੇ ਗਏ।

ਕੁਲਦੀਪ ਸਿੱਧੂ ਨਾਮ ਦੇ ਵਿਅਕਤੀ ਨੇ ਚੋਣ ਅਫ਼ਸਰ ਨੂੰ ਕੁਮੈਂਟ ਇਨਬਾਕਸ ਵਿਚ ਪੁੱਛਿਆ ਕਿ, ਅਧਿਆਪਕਾਂ ਦੀ ਬੀਐਲਓ ਡਿਊਟੀ ਨਾ ਲਗਾਈ ਜਾਵੇ ਤਾਂ, ਇਸ ਦੇ ਜਵਾਬ ਵਿਚ ਚੋਣ ਅਫ਼ਸਰ ਨੇ ਕਿਹਾ ਕਿ, ਸਾਡੀ ਕੋਸਿਸ਼ ਹੈ ਕਿ, ਘੱਟ ਤੋਂ ਘੱਟ ਅਧਿਆਪਕਾਂ ਦੀ ਬੀਐਲਓ ਡਿਊਟੀ ਲਗਾਈ ਜਾਵੇ।

ਚੋਣ ਅਫ਼ਸਰ ਨੇ ਇਲੈਕਸ਼ਨ ਵਿਚ ਲਗਾਈਆਂ ਗਈਆਂ ਮੁਲਾਜ਼ਮਾਂ ਦੀਆਂ ਡਿਊਟੀਆਂ ਦਾ ਵੇਰਵਾ ਸਾਂਝਾ ਕਰਦਿਆਂ ਕਿਹਾ ਕਿ, ਸੂਬੇ ਦੇ ਅੰਦਰ ਲੋਕ ਸਭਾ ਚੋਣਾਂ ਕਰਵਾਉਣ ਵਾਸਤੇ ਇਸ ਵਾਰ ਸਾਢੇ 25000 ਮੁਲਾਜ਼ਮਾਂ ਦੀ ਡਿਊਟੀ ਲਗਾਈ ਗਈ ਹੈ।

ਉਨ੍ਹਾਂ ਕਿਹਾ ਕਿ,ਇਨ੍ਹਾਂ ਸਾਢੇ 25000 ਮੁਲਾਜ਼ਮਾਂ ਵਿਚ 14000 ਦੇ ਕਰੀਬ ਅਧਿਆਪਕ ਹਨ, ਜੋ ਚੋਣ ਡਿਊਟੀ ਨਿਭਾਅ ਰਹੇ ਹਨ। ਚੋਣ ਕਮਿਸ਼ਨ ਨੇ ਸਾਫ਼ ਸ਼ਬਦਾਂ ਵਿਚ ਕਿਹਾ ਕਿ, ਉਨ੍ਹਾਂ ਦੀ ਕੋਸਿਸ਼ ਹੈ ਕਿ, ਘੱਟ ਤੋਂ ਘੱਟ ਅਧਿਆਪਕਾਂ ਦੀ ਡਿਊਟੀ ਚੋਣਾਂ ਵਿਚ ਲਗਾਈ ਜਾਵੇ, ਕਿਉਂਕਿ ਇਸ ਡਿਊਟੀ ਦੇ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਤੇ ਮਾੜਾ ਅਸਰ ਪੈਂਦਾ ਹੈ।

ਚੋਣ ਅਫ਼ਸਰ ਸਿਬਿਨ ਸੀ ਨੇ ਕਿਹਾ ਕਿ, ਅਗਲੇ ਸਾਲਾਂ ਦੌਰਾਨ ਅਧਿਆਪਕਾਂ ਦੀ ਡਿਊਟੀ ਇਸ ਤੋਂ ਘਟਾਈ ਜਾਵੇਗੀ। ਹਾਲਾਂਕਿ ਕਿੰਨੇ ਮੁਲਾਜ਼ਮਾਂ ਦੀ ਡਿਊਟੀ ਪਿਛਲੇ ਸਾਲ ਚੋਣਾਂ ਵਿਚ ਲਗਾਈ ਗਈ ਸੀ ਅਤੇ ਅੱਗੇ ਕਿੰਨੇ ਮੁਲਾਜ਼ਮਾਂ ਦੀ ਲਗਾਈ ਜਾਵੇਗੀ, ਇਸ ਦਾ ਵੇਰਵਾ ਚੋਣ ਕਮਿਸ਼ਨ ਦੇ ਵਲੋਂ ਸਾਂਝਾ ਨਹੀਂ ਕੀਤਾ ਗਿਆ।

ਦੂਜੇ ਪਾਸੇ, ਲੇਡੀ ਮੁਲਾਜ਼ਮਾਂ ਦੀਆਂ ਚੋਣ ਡਿਊਟੀਆਂ ਬਾਰੇ ਵੀ ਚੋਣ ਅਫ਼ਸਰ ਨੇ ਸਪੱਸ਼ਟ ਕੀਤਾ ਕਿ, ਸਾਡੀ ਕੋਸਿਸ਼ ਹੈ ਕਿ, ਲੇਡੀ ਮੁਲਾਜ਼ਮਾਂ ਦੀ ਘਰਾਂ ਦੇ ਨਜ਼ਦੀਕ ਡਿਊਟੀ ਲਗਾਈ ਜਾਵੇ। ਉਨ੍ਹਾਂ ਕਿਹਾ ਕਿ, ਜਿਵੇਂ ਜਿਵੇਂ ਸਾਡੇ ਕੋਲ ਵੇਰਵੇ ਪੁੱਜ ਰਹੇ ਹਨ, ਉਹਦੇ ਮੁਤਾਬਿਕ ਡਿਊਟੀਆਂ ਬਦਲੀਆਂ ਵੀ ਜਾ ਰਹੀਆਂ ਹਨ।

ਪੰਜਾਬ ਦੇ ਮੁੱਖ ਚੋਣ ਅਫ਼ਸਰ ਸਿਬਿਨ ਸੀ ਨੇ ਦੱਸਿਆ ਕਿ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਹਾਸਲ ਕਰਨ ਲਈ ਅਤੇ ਲੋਕਾਂ ਨੂੰ ਵੋਟ ਪਾਉਣ ਸਬੰਧੀ ਜਾਗਰੂਕ ਕਰਨ ਵਾਸਤੇ ਵੱਖ-ਵੱਖ ਤਰ੍ਹਾਂ ਦੇ ਪ੍ਰੋਗਰਾਮ ਚਲਾਏ ਜਾ ਰਹੇ ਹਨ। ਫੇਸਬੁੱਕ ਲਾਈਵ ਤੋਂ ਪਹਿਲਾਂ ਮੁੱਖ ਚੋਣ ਅਫ਼ਸਰ ਦੇ ਦਫ਼ਤਰ ਵੱਲੋਂ ਇਕ ਨਿਯਮਤ ਪੋਡਕਾਸਟ ਦੀ ਸ਼ੁਰੂਆਤ ਵੀ ਕੀਤੀ ਗਈ ਹੈ।

ਜਿਸ ਵਿੱਚ ਚੋਣ ਪ੍ਰਕਿਰਿਆਵਾਂ ਦੇ ਮੁੱਖ ਪਹਿਲੂਆਂ, ਜਿਵੇਂ ਕਿ ਵੋਟਰ ਰਜਿਸਟ੍ਰੇਸ਼ਨ, ਵੋਟਿੰਗ ਪ੍ਰਕਿਰਿਆਵਾਂ ਅਤੇ ਨਾਗਰਿਕਾਂ ਦੀ ਵੋਟਿੰਗ ਵਿੱਚ ਭਾਗੀਦਾਰੀ ਦੀ ਮਹੱਤਤਾ ਉੱਤੇ ਚਾਨਣਾ ਪਾਇਆ ਜਾਂਦਾ ਹੈ ਤਾਂ ਜੋ ਵੋਟਰ ਜਾਗਰੂਕਤਾ ਅਤੇ ਲੋਕਾਂ ਦੀ ਸ਼ਮੂਲੀਅਤ ਨੂੰ ਵਧਾਇਆ ਜਾ ਸਕੇ।

ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਇਸ ਲਾਈਵ ਦਾ ਮਕਸਦ ਚੋਣਾਂ ਬਾਰੇ ਲੋਕਾਂ ਦੇ ਸ਼ੰਕਿਆਂ ਨੂੰ ਦੂਰ ਕਰਨਾ ਅਤੇ ਉਨ੍ਹਾਂ ਨੂੰ ਵੋਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਹੈ।

ਸਿਬਿਨ ਸੀ ਨੇ ਕਿਹਾ ਉਨ੍ਹਾਂ ਦੇ ਦਫ਼ਤਰ ਵੱਲੋਂ ਪਹਿਲਾਂ ਹੀ ਸੋਸ਼ਲ ਮੀਡੀਆ ਹੈਂਡਲਾਂ (ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂਟਿਊਬ) ਉੱਤੇ ਲੋਕ ਸਭਾ ਚੋਣਾਂ 2024 ਨਾਲ ਸਬੰਧਤ ਹਦਾਇਤਾਂ ਅਤੇ ਵੇਰਵਿਆਂ ਨੂੰ ਲਗਾਤਾਰ ਅੱਪਡੇਟ ਕੀਤਾ ਜਾਂਦਾ ਹੈ ਅਤੇ ਹਾਲ ਵਿੱਚ ਹੀ ਉਨ੍ਹਾਂ ਦੇ ਦਫ਼ਤਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਗਰਮ ਭੂਮਿਕਾ ਨਿਭਾਉਣ ਲਈ ਦੇਸ਼ ਭਰ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਹੈ।

## ਅੱਜ ਬਿਜਲੀ ਬੰਦ ਰਹੇਗੀ



ਗੁਰਦਾਸਪੁਰ – ਨਵਨੀਤ ਕੁਮਾਰ – ਉਪ ਮੰਡਲ ਅਫਸਰ (ਸ਼ਹਿਰੀ) ਇੰਜੀਨੀਅਰ ਭੁਪਿੰਦਰ ਸਿੰਘ ਕਲੇਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ 11 ਕੇ.ਵੀ ਤ੍ਰਿਮੋ ਰੋਡ ਫੀਡਰ ਅਤੇ 11 ਕੇ.ਵੀ ਸਿਟੀ ਫੀਡਰ ਏਰੀਏ ਦੀ ਬਿਜਲੀ ਸਪਲਾਈ ਤ੍ਰਿਮੋ ਰੋਡ ਫੀਡਰ ਦੀ ਐਚ ਪੋਲ ਦੀ ਮੁਰੰਮਤ ਕਾਰਨ ਸਪਲਾਈ ਅੱਜ ਸਨੀਵਾਰ ਸਵੇਰੇ 11 ਵਜੇ ਤੋਂ 3 ਵਜੇ ਤੱਕ ਬੰਦ ਰਹੇਗੀ । ਇੰਨਾਂ ਫੀਡਰਾ ਅਧੀਨ ਆਉਂਦੇ ਏਰੀਆ ਪ੍ਰੇਮ ਨਗਰ ਤੋ ਬਾਈਪਾਸ ਤੱਕ , ਮੇਨ ਬਾਜ਼ਾਰ ,ਲਾਇਬ੍ਰੇਰੀ ਰੋਡ , ਨਿਉ ਗੀਤਾ ਭਵਨ ਰੋਡ ਡਾ. ਉਬਰਾਏ ਹਸਪਤਾਲ ਤੱਕ , ਤ੍ਰਿਮੋ ਰੋਡ , ਸੰਤ ਨਗਰ ਤੋਂ ਹੱਲਾ ਮੋੜ ਤੱਕ , ਬਹਿਰਾਮਪੁਰ ਰੋਡ ਤੋਂ ਬਾਗ ਤੱਕ , ਜੀ. ਟੀ ਰੋਡ ਤੋਂ ਡਾਕਖ਼ਾਨੇ ਚੋਕ ਤੱਕ , ਜੇਲ ਰੋਡ ਤੇ ਪੈਂਦੀਆਂ ਸਰਕਾਰੀ ਕੋਠੀਆਂ , ਡਾਕਖ਼ਾਨਾ ਚੋਕ , ਕਾਲਜ ਰੋਡ , ਗੋਪਾਲ ਨਗਰ , ਕ੍ਰਿਸ਼ਨਾ ਨਗਰ , ਬਾਠ ਵਾਲੀ ਗਲੀ , ਆਦਿ ਏਰੀਏ ਦੀ ਬਿਜਲੀ ਸਪਲਾਈ ਬੰਦ ਰਹੇਗੀ ।



*ਬਾਬਾ ਜੀ ਦੇ 50 ਵੇਂ ਜਾਗਰਣ ਦਾ ਨਿਮੰਤਰਣ ਪੱਤਰ ਸਰਦਾਰ ਰਣਜੀਤ ਸਿੰਘ ਢਿੱਲੋ ਨੂੰ ਦਿੰਦੇ ਹੁਏ: ਭਗਤ ਪ੍ਰਵੀਨ ਠਾਕੁਰ ਜੀ ਲੁਧਿਆਣਾ: (ਵਰਿੰਦਰ ਪ੍ਰਕਾਸ਼ ਭਾਂਬਰੀ ):ਸ਼੍ਰੀ ਸਿੱਧ ਜੋਗੀ ਬਾਬਾ ਬਾਲਕ ਨਾਥ ਪ੍ਰਭਾਤ ਮੰਦਿਰ ਨਿਊ ਸੁਭਾਸ਼ ਨਗਰ ਮੇਨ ਰੋਡ ਵਿੱਖੇ 50 ਵਾਂ ਬਾਬਾ ਜੀ ਦੇ ਜਾਗਰਣ ਦਾ ਸੱਦਾ ਪੱਤਰ ਭਗਤ ਸ਼੍ਰੀ ਪ੍ਰਵੀਨ ਠਾਕੁਰ ਜੀ ਨੇ ਸਰਦਾਰ ਰਣਜੀਤ ਸਿੰਘ ਢਿੱਲੋ ਜੀ ਨੂੰ ਦਿਤਾ। ਜਿਸ ਵਿੱਚ ਮੰਦਿਰ ਦੇ ਪ੍ਰਧਾਨ ਸੁਨੀਲ ਠਾਕੁਰ ,ਅਸ਼ਵਨੀ ਪਾਸ਼ੀ,ਸੋਨੂ ਚੀਮਾ,ਸਾਗਰ ਭਾਂਬਰੀ ਮੌਜੂਦ ਸਨ।*

# ਬ.ਗੈਰ ਕਿਸੇ ਆਰਥਿਕ ਸਹੂਲਤ ਤੋਂ ਆਸ਼ਾ ਵਰਕਰਾਂ ਦੀ ਸੇਵਾਮੁਕਤੀ ਉਮਰ 58 ਸਾਲ ਕਰਨ ਦੇ ਵਿਰੋਧ ਵਿੱਚ ਸਿਵਲ ਸਰਜਨ ਦਫ਼ਤਰ ਅੱਗੇ ਕੀਤੀ ਵਰਕਰਾਂ ਵੱਲੋਂ ਨਾਹਰੇਬਾਜੀ

**ਗੁਰਦਾਸਪੁਰ-ਨਵਨੀਤ ਕੁਮਾਰ** - ਡੈਮੋਕ੍ਰੇਟਿਕ ਆਸ਼ਾ ਵਰਕਰ ਫੈਸਿਲੀਟੇਟਰ ਯੂਨੀਅਨ ਪੰਜਾਬ ਗੁਰਦਾਸਪੁਰ ਦੀਆਂ ਵਰਕਰਾਂ ਵੱਲੋਂ ਬਲਵਿੰਦਰ ਕੌਰ ਅਲੀ ਸ਼ੇਰ ਦੀ ਪ੍ਰਧਾਨਗੀ ਹੇਠ ਸਿਵਲ ਸਰਜਨ ਦਫ਼ਤਰ ਗੁਰਦਾਸਪੁਰ ਵਿਖੇ ਰੋਸ ਰੈਲੀ ਕੀਤੀ ਗਈ। ਜਿਸ ਵਿਚ ਜ਼ਿਲੇ ਭਰ ਤੋਂ ਵੱਡੀ ਗਿਣਤੀ ਵਿੱਚ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਜ ਨੇ ਭਾਗ ਲਿਆ।ਜਿਸ ਨੂੰ ਗੁਰਵਿੰਦਰ ਕੌਰ ਬਹਿਰਾਮਪੁਰ ਜਨਰਲ ਸਕੱਤਰ,ਗੁਰਿੰਦਰ ਕੌਰ ਸ਼ਾਹਪੁਰ ਕੋਟਲੀ ਸੂਬਾ ਕਮੇਟੀ ਮੈਂਬਰ,, ਮੀਰਾਂ ਕਾਹਨੂੰਵਾਨ ਮੀਤ ਪ੍ਰਧਾਨ ਕਰਮਜੀਤ ਕੌਰ ਨੌਸ਼ਹਿਰਾ ਮੱਝਾ ਸਿੰਘ, ਸਹਾਇਕ ਵਿਤ ਸਕੱਤਰ ,ਕਾਂਤਾ ਦੇਵੀ ਮਸਾਨੀਆ ਮੀਤ ਪ੍ਰਧਾਨ, ਕੁਲਵੀਰ ਕੌਰ ਭੁੱਲਰ, ਸੀਨੀਅਰ ਮੀਤ ਪ੍ਰਧਾਨ ਪਰਮਜੀਤ ਕੌਰ ਬਾਠਾਵਾਲਾ ਸਹਾਇਕ ਸਕੱਤਰ ਅੰਚਲ ਮੱਟੂ, ਪ੍ਰੈਸ ਸਕੱਤਰ,ਮਨਜੀਤ ਕੌਰ ਵਿੱਤ ਸਕੱਤਰ, ਰਾਜਵਿੰਦਰ ਕੌਰ ਖਹਿਰਾ ਕੋਟਲੀ ਸੰਬੋਧਨ ਕਰਦਿਆਂ ਕਿਹਾ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਤੇ




## ਸਿਵਲ ਸਰਜਨ ਗੁਰਦਾਸਪੁਰ ਅਤੇ ਰਮਨ ਬਹਿਲ ਰਾਂਹੀ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਰੋਸ ਪੱਤਰ

ਫੈਸਿਲੀਟੇਟਰਾਂ ਦੀ ਸੇਵਾ ਮੁਕਤੀ ਦੀ ਉਮਰ 58 ਸਾਲ ਕਰ ਦਿੱਤੀ ਹੈ । ਪਰ ਸੇਵਾ ਮੁਕਤੀ ਸਮੇਂ ਉਹਨਾਂ ਨੂੰ ਕੋਈ ਵੀ ਆਰਥਿਕ ਸਹੂਲਤ ਨਹੀਂ ਦਿੱਤੀ ਗਈ। ਕਿਉਂਕਿ ਵਰਕਰਾਂ ਨੂੰ ਸਿਰਫ਼ 2500 ਰੁਪਏ ਮਹੀਨਾ ਤਨਖਾਹ ਦਿੱਤੀ ਜਾਂਦੀ ਹੈ ਅਤੇ ਉਨ੍ਹਾਂ ਦਾ ਕੋਈ ਇੰਪਲਾਈਜ ਪ੍ਰੋਵਿਡੈਂਟ ਫੰਡ ਨਹੀਂ ਕੱਟਿਆ ਜਾਂਦਾ ਹੈ। ਇਹਨਾਂ ਵਰਕਰਾਂ ਨੂੰ ਮੌਤ ਹੋਣ। ਤੇ ਕੋਈ ਵੀ ਅੰਤਰਿਮ ਆਰਥਿਕ ਸਹਾਇਤਾ ਨਹੀਂ ਦਿੱਤੀ ਜਾਂਦੀ। ਮਿਰਤਕ ਵਰਕਰ ਦੇ ਪਰਿਵਾਰਕ ਮੈਂਬਰ ਨੂੰ ਤਰਸ ਦੇ ਆਧਾਰ ਤੇ ਕੋਈ ਨੌਕਰੀ ਵੀ ਨਹੀਂ ਦਿੱਤੀ ਜਾਂਦੀ ਇਸ ਮੌਕੇ ਸੂਬਾ ਸਲਾਹਕਾਰ ਅਮਰਜੀਤ ਸ਼ਾਸਤਰੀ ਨੇ ਕਿਹਾ ਕਿ ਆਸਾ ਵਰਕਰਾਂ ਦੀ ਇਹੋ ਜਿਹੀ ਆਰਥਿਕ ਮੰਦਹਾਲੀ ਲਈ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੋਨੋਂ ਹੀ ਦੋਸ਼ੀ ਹਨ। ਆਪਣੇ ਦਸ ਸਾਲ ਦੇ ਕਾਰਜਕਾਲ ਵਿਚ ਮੋਦੀ ਸਰਕਾਰ ਵੱਲੋਂ ਆਸ਼ਾ ਵਰਕਰਾਂ ਲਈ ਕੋਈ ਵਿਸ਼ੇਸ਼ ਉਪਰਾਲਾ ਨਹੀਂ ਕੀਤਾ। ਆਸ਼ਾ ਫੈਸੀਲੀਟੇਟਰਜ ਨੂੰ ਕੇਂਦਰ ਸਰਕਾਰ ਵੱਲੋਂ ਸਿਰਫ ਇੱਕ ਹਜ਼ਾਰ ਰੁਪਏ ਮਹੀਨਾ ਤਨਖਾਹ ਦਿੱਤੀ ਜਾਂਦੀ ਹੈ ਜਦੋਂ ਕਿ ਆਸ਼ਾ ਵਰਕਰਾਂ ਦੀ ਝੋਲੀ ਵਿੱਚ ਗੱਲਾਂ ਬਾਤਾਂ ਦਾ ਹੀ ਤੋਹਫ਼ਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਰੋਨਾ ਮਹਾਂਮਾਰੀ ਸਮੇਂ ਆਸ਼ਾ ਵਰਕਰਾਂ ਨੇ ਆਪਣੀ ਜ਼ਿੰਦਗੀ ਦੀ ਪ੍ਰਵਾਹ ਨਾ ਕਰਦਿਆਂ ਲੋਕਾਂ ਦੀ ਸਿਹਤ ਦੀ ਰਾਖੀ ਕੀਤੀ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਇਹਨਾਂ ਵਰਕਰਾਂ ਦੀ ਮਿਹਨਤ ਦਾ ਮੁੱਲ ਕੋਡੀ ਵੀ ਨਹੀਂ ਪਾਇਆ ਹੈ।

ਅੱਜ ਦੀ ਰੈਲੀ ਵਿਚ ਰੇਤਲਾ ਧਾਰੀਵਾਲ ਦੀ ਮਿਰਤਕ ਆਸ਼ਾ ਵਰਕਰ ਹਰਭਜਨ ਕੌਰ ਦੀ ਜਗ੍ਹਾ ਤੇ ਧੋਖੇ ਨਾਲ ਸਿਫਾਰਸ਼ੀ ਆਸ਼ਾ ਵਰਕਰ ਦੀ ਨਿਯੁਕਤੀ ਦੀ ਜਾਂਚ ਦੀ ਮੰਗ ਕੀਤੀ ਹੈ। ਇਸ ਮੌਕੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਮੈਡਮ ਬਲਵਿੰਦਰ ਕੌਰ, ਅਨੇਕ ਚੰਦ ਪਾਹੜਾ ਨੇ ਇਹਨਾ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵਿਰੋਧ ਪੱਤਰ ਨੂੰ ਵਾਪਸ ਨਾ ਲਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ । ਸਿਵਲ ਸਰਜਨ ਗੁਰਦਾਸਪੁਰ ਅਤੇ ਸਫਰੀ ਰਮਨ ਬਹਿਲ ਜੀਰਾਹੀਂ ਭੇਜੇ ਰੋਸ ਪੱਤਰ ਵਿੱਚ ਯੂਨੀਅਨ ਨੇ ਮੰਗ ਕੀਤੀ ਹੈ ਕਿ ਵਰਕਰਾਂ ਦੀ ਸੇਵਾਮੁਕਤੀ ਉਮਰ 65 ਸਾਲ ਕੀਤੀ ਜਾਵੇ, ਸੇਵਾ ਮੁਕਤੀ ਮੌਕੇ ਹਰ ਵਰਕਰ ਨੂੰ ਪੰਜ ਲੱਖ ਦਾ ਗੁਰੈਚੁਟੀ ਦਿੱਤੀ ਜਾਵੇ,ਇਸ ਤੋਂ ਬਾਅਦ ਹਰ ਮਹੀਨੇ 10 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ,ਹਰ ਵਰਕਰ ਨੂੰ ਸੇਵਾ ਮੁਕਤ ਕਰਨ ਉਪਰੰਤ ਉਸ ਦੇ ਪਰਿਵਾਰਕ ਮੈਂਬਰ ਦੀ ਪਹਿਲ ਦੇ ਆਧਾਰ ਤੇ ਉਸ ਦੀ ਜਗ੍ਹਾ ਨਿਯੁਕਤੀ ਕੀਤੀ ਜਾਵੇ। ਅੱਜ ਦੀ ਰੈਲੀ ਵਿਚ ਨਿਸ਼ਾ ਕਲੀਜਪੁਰ, ਵੀਨਾ ਰਾਣੀ, ਮਨਜੀਤ ਕੌਰ, ਸੁਮਨ, ਹਾਜ਼ਰ ਸਨ।



**ਆਕਸ਼ਾ ਅਤੇ ਗੋਰੀ ਨੂੰ ਵਿਆਹ ਦੇ ਬੰਧਨ ਵਿੱਚ ਬਣਨ ਲਈ ਬੱਹੁਤ ਬੱਹੁਤ ਵਧਾਈ ਹੋਵੇ।**
***(ਵਰਿੰਦਰ ਪ੍ਰਕਾਸ਼ ਭਾਂਬਰੀ)***

# ਕੋਟ ਈਸੇ ਖਾਂ ਅੰਦਰ ਕਾਨੂੰਨ ਵਿਵਸਥਾ ਸ਼ਾਤਮਈ ਬਣਾਈ ਰੱਖਣ ਅਤੇ ਪਬਲਿਕ ਦੀ ਸੁਰੱਖਿਆ ਮੱਦੇਨਜਰ ਪੁਲਿਸ ਵੱਲੋਂ ਕੱਢਿਆ ਫਲੈਗ ਮਾਰਚ

## ਇਲਾਕੇ ਅੰਦਰ ਕਿਸੇ ਵੀ ਸਮਾਜ ਵਿਰੋਧੀ ਅਨਸਰਾਂ ਨੂੰ ਸਿਰ ਨਹੀ ਚੁੱਕਣ ਦਿੱਤਾ ਜਾਵੇਗਾ:ਡੀਐਸਪੀ

ਕੋਟ ਈਸੇ ਖਾਂ 19 ਅਪ੍ਰੈਲ (ਮਨੀ ਅਰੋੜਾ) ਪੰਜਾਬ ਵਿੱਚ ਜੂਨ ਮਹੀਨੇ ਵਿੱਚ ਹੋਣ ਜਾ ਰਹੀਆ ਲੋਕ ਸਭਾ ਚੋਣਾ ਦੇ ਪੰਜਾਬ ਦੇ ਡੀਜੀਪੀ ਸਾਹਿਬ ਦੇ ਦਿਸ਼ਾ ਨਿਰਦੇਸ਼, ਮਾਨਯੋਗ ਜਿਲ੍ਹਾ ਪੁਲਿਸ ਮੁਖੀ ਦੀਆਂ ਹਦਾਇਤਾਂ ਅਤੇ ਮਾਨਯੋਗ ਡੀ.ਐਸ.ਪੀ ਧਰਮਕੋਟ ਦੀ ਯੋਗ ਅਗਵਾਈ ਹੇਠ ਸ਼ਹਿਰ ਅੰਦਰ ਕਾਨੂੰਨ ਵਿਵਸਥਾ ਬਣਾਈ ਰੱਖਣ,ਨਸ਼ੇ ਨੂੰ ਨੱਥ ਪਾਉਣ ਅਤੇ ਆਮ ਜਨਤਾ ਦੀ ਸੁਰੱਖਿਆ ਦੇ ਮੱਦੇਨਜਰ ਪੁਲਿਸ ਪਾਰਟੀ ਵੱਲੋਂ ਸ਼ਹਿਰ ਅੰਦਰ ਫਲੈਗ ਮਾਰਚ ਕੱਢਿਆ ਗਿਆ.ਇਸ ਸਬੰਧੀ ਜਾਣਕਾਰੀ ਦਿੰਦਿਆ ਡੀਐਸਪੀ ਧਰਮਕੋਟ ਅਮਰਜੀਤ ਸਿੰਘ, ਕੋਟ ਈਸੇ ਖਾਂ ਦੇ ਥਾਣਾ ਮੁਖੀ ਜਸਵਿੰਦਰ ਸਿੰਘ,ਧਰਮਕੋਟ ਥਾਣਾ ਮੁਖੀ ਨਵਦੀਪ ਭੱਟੀ ਆਦਿ ਨੇ ਕਿਹਾ ਕਿ ਪੁਲਿਸ ਦਾ ਮੁੱਖ ਮਕਸਦ ਲੋਕਾਂ ਦੀ ਜਾਨ.:.ਮਾਲ ਦੀ ਰਾਖੀ ਕਰਨਾ ਹੈ ਪਰ ਕੁੱਝ ਸ਼ਰਾਰਤੀ ਅਨਸਰ ਚੋਰੀ ਛਿਪੇ ਕਈ ਘਟਨਾਵਾਂ ਨੂੰ ਅੰਜਾਮ ਦੇਣ ਦੀ ਤਾਗ ਵਿੱਚ ਰਹਿੰਦੇ ਹਨ,ਉਨਾਂ ਸਮਾਜ ਵਿਰੋਧੀ ਤੱਤਵਾਂ ਨੂੰ ਵੀ ਫਲੈਗ ਮਾਰਚ ਰਾਹੀਂ ਸੁਚੇਤ ਕੀਤਾ ਜਾ ਰਿਹਾ ਹੈ ਕਿ ਆਪਣੀਆ ਹਰਕਤਾਂ ਤੋਂ



ਬਾਜ ਆ ਜਾਣ ਨਹੀ ਤਾਂ ਉਨ੍ਹਾਂ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀ ਜਾਵੇਗਾ ਅਤੇ ਸਖਤ ਕਾਰਵਾਈ ਕੀਤੀ ਜਾਵੇਗੀ.ਉਨਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ.:.ਭੈਅ ਦੇ ਆਪਣੇ ਕੰਮਕਾਰ ਕਰਦੇ ਰਹਿਣ.ਪੁਲਿਸ ਵੱਲੋਂ ਪੂਰੀ ਮੁਸ਼ਤੈਦੀ ਨਾਲ ਆਪਣੀ ਡਿਊਟੀ ਕੀਤੀ ਜਾ ਰਹੀ ਹੈ.ਇਸ ਮੌਕੇ ਗੁਰਲਾਲ ਸਿੰਘ ਐਸ.ਆਈ, ਕੁਲਦੀਪ ਸਿੰਘ ਏ.ਐਸ.ਆਈ ਅਤੇ ਹੋਰ ਪੁਲਿਸ ਮੁਲਾਜਮ ਹਾਜਰ ਸਨ.



# ਸਰਕਾਰੀ ਹਾਈ ਸਕੂਲ ਦਸਗਰਾਂਈ ਦਾ ਨਤੀਜਾ ਰਿਹਾ ਸ਼ਾਨਦਾਰ

ਸ੍ਰੀ ਅਨੰਦਪੁਰ ਸਾਹਿਬ 19 ਅਪ੍ਰੈਲ (ਦਵਿੰਦਰਪਾਲ ਸਿੰਘ): ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਦਸਵੀਂ ਦੇ ਨਤੀਜੇ ਐਲਾਨੇ ਗਏ ਜਿਸ ਵਿੱਚ ਸਰਕਾਰੀ ਹਾਈ ਸਕੂਲ ਦਸਗਰਾਂਈ (ਜਿਲ੍ਹਾ ਰੂਪਨਗਰ) ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਸਕੂਲ ਇੰਚਾਰਜ ਮੈਡਮ ਪਰਮਜੀਤ ਕੌਰ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਹਰਪ੍ਰੀਤ ਕੌਰ ਪੁੱਤਰੀ ਜੈਮਲ ਸਿੰਘ ਨੇ 631/650 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਜੈਸਮੀਨ ਕੌਰ ਪੁੱਤਰੀ ਅਵਤਾਰ ਸਿੰਘ ਨੇ 613/650 ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਕਿਰਨਦੀਪ ਕੌਰ ਪੁੱਤਰੀ ਦਰਸ਼ਨ ਸਿੰਘ ਨੇ 607/650 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ। ਮੈਡਮ ਪਰਮਜੀਤ ਕੌਰ ਨੇ ਦੱਸਿਆ ਕਿ ਵਿਦਿਆਰਥਣ ਹਰਪ੍ਰੀਤ ਕੌਰ ਨੇ 97.08% ਅੰਕ ਪ੍ਰਾਪਤ ਕਰਕੇ ਮੈਰਿਟ ਵਿੱਚ ਸਥਾਨ ਹਾਸਿਲ ਕੀਤਾ। ਸਕੂਲ ਇੰਚਾਰਜ ਮੈਡਮ ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੇ ਜਿੱਥੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ ਦਾ, ਆਪਣੇ ਮਾਤਾ ਪਿਤਾ ਅਤੇ ਅਧਿਆਪਕਾਂ ਦਾ ਨਾਮ ਰੋਸ਼ਨ ਕੀਤਾ ਹੈ ਉਥੇ ਪੂਰੇ ਇਲਾਕੇ ਦਾ ਮਾਣ ਵਧਾਇਆ ਹੈ। ਉਹਨਾਂ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਜਿਆਦਾ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਮਹੇਸ਼ ਕੁਮਾਰ, ਗੁਰਪ੍ਰੀਤ ਕੌਰ, ਸਾਲੂ ਸੋਨੀ, ਅਜੇ ਬੈਂਸ, ਜਯੋਤੀ ਕੁਮਾਰੀ, ਪੂਨਮ ਰਾਣੀ, ਹਰਲੀਨ ਕੌਰ, ਜਸਵੀਰ ਕੌਰ, ਅਮਰਜੀਤ ਕੌਰ, ਰਿੰਪੀ ਸ਼ਰਮਾ, ਸੁਨੈਨਾ ਦੇਵੀ, ਵਿਜੇ ਕੁਮਾਰ ਦੜੋਲੀ, ਵਿਜੇ ਕੁਮਾਰ ਕਲਿਤਰਾਂ, ਅਸ਼ੋਕ ਰਾਣਾ, ਨਿਰੂਪਮ ਕਾਲੀਆ, ਚੰਦਰਸ਼ੇਖਰ ਆਦਿ ਹਾਜ਼ਰ ਸਨ।



# ਲੋਕ ਸਭਾ ਦੀ ਟਿਕਟ ਮਿਲਣ ਉਪਰੰਤ 21 ਅਪ੍ਰੈਲ ਨੂੰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਣਗੇ ਨਤਮਸਤਕ-: ਬੇਦੀ

ਸ੍ਰੀ ਅਨੰਦਪੁਰ ਸਾਹਿਬ, 19 ਅਪ੍ਰੈਲ(ਦਵਿੰਦਰਪਾਲ ਸਿੰਘ): ਸ਼੍ਰੋਮਣੀ ਅਕਾਲੀ ਦਲ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਦੀ ਟਿਕਟ ਮਿਲਣ ਉਪਰੰਤ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ 21 ਅਪ੍ਰੈਲ ਨੂੰ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚ ਰਹੇ ਹਨ। ਇਹ ਜਾਣਕਾਰੀ ਸੀਨੀਅਰ ਅਕਾਲੀ ਆਗੂ ਅਤੇ ਉੱਤਰੀ ਰੇਲਵੇ ਦੇ ਸਾਬਕਾ ਮੈਂਬਰ ਇੰਦਰਜੀਤ ਸਿੰਘ ਬੇਦੀ ਨੇ ਅੱਜ ਪਿੰਡ ਨਿੱਕੂਵਾਲ ਵਿਖੇ ਵਰਕਰਾਂ ਨਾਲ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨੂੰ ਦਿੱਤੀ। ਉਨਾਂ ਦੱਸਿਆ ਕਿ ਪ੍ਰੋਫੈਸਰ ਚੰਦੂਮਾਜਰਾ ਨੂੰ ਟਿਕਟ ਮਿਲਣ ਤੋਂ ਬਾਅਦ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਵਰਕਰ ਆਪਣੇ ਮਹਿਬੂਬ ਨੇਤਾ ਦੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ ਤੇ ਭਰਵਾਂ ਸਵਾਗਤ ਕਰਨ ਲਈ ਬਹੁਤ ਉਤਸ਼ਾਹਿਤ ਹਨ। ਉਹਨਾਂ ਦੱਸਿਆ ਕਿ ਸ੍ਰੀ ਕੀਰਤਪੁਰ ਸਾਹਿਬ ਤੋਂ ਅੱਗੇ ਨੱਕੀਆਂ ਟੋਲ ਪਲਾਜ਼ਾ ਤੋਂ ਸਮੂਹ ਅਕਾਲੀ ਵਰਕਰ ਮੋਟਰਸਾਈਕਲ ਰੈਲੀ ਰਾਹੀਂ ਪ੍ਰੋਫੈਸਰ ਚੰਦੂਮਾਜਰਾ ਨੂੰ ਤਖਤ ਸ਼੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੱਕ ਲੈ ਕੇ ਆਉਣਗੇ। ਇਸ ਮੌਕੇ ਸੁਰਿੰਦਰ ਸਿੰਘ ਘੱਟੀਵਾਲ, ਪ੍ਰੋਫੈਸਰ ਹਰਪ੍ਰੀਤ ਸਿੰਘ, ਹਰਭਜਨ ਸਿੰਘ ਯੋਗੀ, ਕਿਰਪਾਲ ਸਿੰਘ ਬੀਕਾਪੁਰ, ਇੰਦਰਜੀਤ ਸਿੰਘ, ਹਰਦੇਵ ਸਿੰਘ ਦੇਬੀ, ਪ੍ਰਦੀਪ ਕੁਮਾਰ ਮੋਨੂੰ, ਮਲਕੀਤ ਸਿੰਘ, ਪਰਵਿੰਦਰ ਸਿੰਘ, ਜਸਵਿੰਦਰ ਸਿੰਘ ਬੇਦੀ, ਹਰਕੀਰਤ ਸਿੰਘ ਵਾਲੀਆ, ਸੁਖਵਿੰਦਰ ਸਿੰਘ, ਤਰਨਜੀਤ ਸਿੰਘ ਬੇਦੀ, ਮਾਸਟਰ ਸੁਖਦੇਵ ਸਿੰਘ ਢਿੱਲੋਂ, ਅਜੀਤ ਸਿੰਘ ਘੱਟੀਵਾਲ ਸਮੇਤ ਵੱਡੀ ਗਿਣਤੀ ਅਕਾਲੀ ਵਰਕਰ ਹਾਜ਼ਰ ਸਨ।

# ਨਕਲੀ ਰੰਗ ਸਪਲਾਈ ਕਰਨ ਵਾਲੇ ਤੇ ਹੋਇਆ ਮਾਮਲਾ ਦਰਜ

ਸ੍ਰੀ ਅਨੰਦਪੁਰ ਸਾਹਿਬ 19 ਅਪ੍ਰੈਲ (ਦਵਿੰਦਰਪਾਲ ਸਿੰਘ): ਸਥਾਨਕ ਪੁਲਿਸ ਨੇ ਨਕਲੀ ਰੰਗ ਦੀ ਸਪਲਾਈ ਕਰਨ ਵਾਲੇ ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਆਰ.ਕੇ. ਅਤੇ ਐਸੋਸੀਏਟ ਦੀ ਮੁਖੀ ਰਚਨਾਂ ਕਪੂਰ ਨੇ ਦੱਸਿਆ ਕਿ ਸਾਡੀ ਅਧਿਕਾਰਰਿਤ ਕੰਪਨੀ ਐਮ.ਐਸ. ਕੰਨਸੇਈ ਨੈਰੋਲੈਕ ਪੇਂਟ ਦੇ ਨਾਮ ਤੇ ਨਕਲੀ ਰੰਗ ਬਣਾਉਣ ਤੇ ਵੇਚਣ ਅਤੇ ਸਪਲਾਈ ਕਰਨ ਵਾਲਿਆਂ ਖਿਲਾਫ ਕੰਮ ਕਰਦੀ ਹੈ।ਜਿਸ ਤਹਿਤ ਉਹਨਾ ਨੂੰ ਸੂਚਨਾ ਮਿਲੀ ਕਿ ਗੁਰਵਿੰਦਰ ਸਿੰਘ ਵਾਸੀ ਲੁਧਿਆਣਾ ਆਪਣੀ ਗੱਡੀ ਵਿੱਚ ਵੱਖ—ਵੱਖ ਥਾਵਾਂ ਤੇ ਨਕਲੀ ਰੰਗ ਸਪਲਾਈ ਕਰਦਾ ਹੈ। ਅਤੇ ਉਹ ਸ੍ਰੀ ਅਨੰਦਪੁਰ ਸਾਹਿਬ ਵਿਖੇ ਰਾਮਪੁਰ ਜੱਜਰ ਲਾਗੇ ਸਪਲਾਈ ਕਰਨ ਆ ਰਿਹਾ ਹੈ।ਤਫਤੀਸ਼ੀ ਅਫਸਰ ਅਮਨਦੀਪ ਸਿੰਘ ਨੇ ਦੱਸਿਆ ਕਿ ਉਕਤ ਖਿਲਾਫ ਕਾਪੀ ਰਾਈਟ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ 20 ਬਾਲਟੀਆਂ ਸਮੇਤ ਮੌਕੇ ਤੇ ਕਾਬੂ ਕਰ ਲਿਆ ਗਿਆ।ਇਸ ਮੌਕੇ ਕੰਪਨੀ ਦੇ ਦਲੀਪ ਹੰਸ ਵੀ ਮੌਜੂਦ ਸਨ।




publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

Website : www.lokbani.com
lokbani08@gmail.com

# ਸ਼ਰਾਰਤੀ ਅਨਸਰਾਂ ਅਤੇ ਮਾੜੇ ਅਨਸਰਾਂ ਤੇ ਨਕੇਲ ਕੱਸਣ ਲਈ ਚਲਾਈ ਗਈ ਵਿਸ਼ੇਸ਼ ਮੁਹਿਮ



ਰਾਮਾ ਮੰਡੀ ਅਸ਼ੋਕ ਕੁਮਾਰ ਲੋਕ ਸਭਾ ਚੋਣਾਂ-2024 ਦੇ ਮੱਦੇਨਜਰ ਸ਼੍ਰੀ ਐੱਸ.ਪੀ.ਐੱਸ ਪਰਮਾਰ ਆਈਪੀਐਸ ਏ ਡੀ ਜੀ ਪੀ ਵਧੀਕ ਡਾਇਰਕਟਰ ਜਨਰਲ ਪੁਲਿਸ ਬਠਿੰਡਾ ਰੇਂਜ ਬਠਿੰਡਾ ਜੀ ਦੇ ਮਾਰਗ ਦਰਸ਼ਨ ਅਨੁਸਾਰ ਸ਼੍ਰੀ ਦੀਪਕ ਪਾਰੀਕ, ਆਈ.ਪੀ.ਐੱਸ ਐੱਸ.ਐੱਸ.ਪੀ ਬਠਿੰਡਾ ਜੀ ਦੇ ਦਿਸ਼ਾ ਨਿਰਦੇਸ਼ਾ ਹੇਠ ਜਿਲ੍ਹੇ ਵਿੱਚ ਸ਼ਰਾਰਤੀ ਅਨਸਰਾਂ ਅਤੇ ਮਾੜੇ ਅਨਸਰਾਂ ਤੇ ਨਕੇਲ ਕੱਸਣ ਲਈ ਚਲਾਈ ਗਈ ਵਿਸ਼ੇਸ਼ ਮੁਹਿਮ ਤਹਿਤ ਸ਼੍ਰੀ ਅਜੇ ਗਾਂਧੀ ਆਈਪੀਐਸ ਐਸਪੀ ਇਨਵੈਸਟੀਗੇਸ਼ਨ ਬਠਿੰਡਾ, ਸ਼੍ਰੀ ਨਰਿੰਦਰ ਸਿੰਘ ਐਸਪੀ ਸ਼ਹਿਰੀ ਅਤੇ ਸਰਕਲ ਅਫ਼ਸਰਾਂਨ ਬਠਿੰਡਾ ਵੱਲੋਂ ਅੱਜ ਮਿਤੀ 19.4.2024 ਨੂੰ ਸੀ.ਏ.ਪੀ ਐੱਫ ਦੀਆਂ ਟੀਮਾਂ ਅਤੇ ਭਾਰੀ ਪੁਲਿਸ ਫੋਰਸ ਨਾਲ ਸ਼ਹਿਰ ਵਿੱਚ ਫਲੈਗ ਮਾਰਚ ਕੀਤਾ ਗਿਆ।ਇਸ ਫਲੈਗ ਮਾਰਚ ਵਿੱਚ 2 ਐੱਸ.ਪੀ, 6 ਡੀ.ਐੱਸ.ਪੀ,ਅਤੇ ਐੱਸ.ਐਚ.ਓਜ, ਸੀ.ਏ.ਪੀ.ਐੱਫ.ਦੀਆਂ ਟੀਮਾਂ ਅਤੇ ਪੁਲਿਸ 500 ਦੇ ਕਰੀਬ ਪੁਲਿਸ ਕਰਮਚਾਰੀ ਹਾਜਰ ਸਨ।ਲੋਕ ਸਭਾ ਚੋਣਾਂ ਦਾ ਕੰਮ ਅਮਨ ਅਮਾਨ ਨਾਲ ਨੇਪਰੇ ਚੜਨ ਲਈ ਜ਼ਿਲ੍ਹਾ ਪੁਲਿਸ ਵੱਲੋਂ ਸਖਤ ਸੁਰੱਖਿਆ ਪ੍ਰਬੰਧ ਕਰ ਦਿੱਤੇ ਗਏ ਹਨ। ਜਿਸ ਦੇ ਚਲਦੇ ਜ਼ਿਲ੍ਹੇ ਦੇ ਨਾਲ ਲੱਗਦੀਆਂ ਸਰਹੱਦਾਂ ਸੀਲ ਕਰ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਵੱਖ-ਵੱਖ ਜਗ੍ਹਾ ਤੇ ਨਾਕਾਬੰਦੀ ਕਰਕੇ ਸ਼ੱਕੀ ਵਾਹਨਾ ਅਤੇ ਵਿਅਕਤੀਆਂ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਫਲੈਗ ਮਾਰਚ ਕਰਕੇ ਲੋਕਾਂ ਤੱਕ ਸੁਨੇਹਾ ਪਹੁੰਚਾਇਆ ਜਾ ਰਿਹਾ ਹੈ ਕਿ ਉਹ ਬਿਨਾਂ ਕਿਸੇ ਡਰ ਤੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਇਸੇ ਲੜੀ ਦੇ ਤਹਿਤ ਸ਼ੁਕਰਵਾਰ ਨੂੰ ਪੁਲਿਸ ਕਪਤਾਨ ਦੀਪਕ ਪਾਰੀਕ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਹਿਰ ਵਿਚ ਫਲੈਗ ਮਾਰਚ ਕੀਤਾ ਗਿਆ। ਇਸ ਮੌਕੇ ਅਜੇ ਗਾਂਧੀ ਐਸਪੀਡੀ, ਨਰਿੰਦਰ ਸਿੰਘ SP City ਦੀ ਅਗਵਾਈ ਹੇਠ ਛੇ ਡੀਐਸਪੀ, ਥਾਣਾ ਮੁੱਖੀਆਂ ਤੋਂ ਇਲਾਵਾ 500 ਦੇ ਕਰੀਬ ਪੁਲਿਸ ਮੁਲਾਜ਼ਮਾਂ ਅਤੇ ਅਰਧ ਸੈਨਿਕ ਬਲਾਂ ਦੇ ਜਵਾਨਾਂ ਨੇ ਹਿੱਸਾ ਲਿਆ। ਇਹ ਮਾਰਚ ਸਥਾਨਕ ਪੁਲਿਸ ਲਾਈਨ ਤੋਂ ਸ਼ੁਰੂ ਹੋ ਕੇ ਮਾਡਲ ਟਾਊਨ ਦੇ ਰਸਤੇ ਸ਼ਹਿਰ ਦੇ ਬਾਜ਼ਾਰਾਂ ਵਿੱਚਦੀ ਹੁੰਦਾ ਹੋਇਆ ਵਾਪਸ ਪੁਲਿਸ ਲਾਈਨ ਵਿੱਚ ਸਮਾਪਤ ਹੋਇਆ। ਇਸ ਮੌਕੇ ਪੁਲਿਸ ਕਪਤਾਨ ਦੀਪਕ ਪਾਰੀਕ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਨੂੰ ਸ਼ਾਂਤੀਪੂਰਵਕ ਨੇਪਰੇ ਚੜਨ ਲਈ ਪੁਲਿਸ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਪੰਜਾਬ ਪੁਲਿਸ ਦੇ ਮੁਲਾਜ਼ਮਾ ਤੋਂ ਇਲਾਵਾ ਅਰਧ ਸੈਨਿਕ ਬਲਾਂ ਦੇ ਜਵਾਨਾਂ ਨੇ ਮੋਰਚੇ ਸੰਭਾਲ ਲਏ ਹਨ। ਜ਼ਿਲ੍ਹੇ ਵਿਚ ਕਿਸੇ ਵੀ ਮਾੜੇ ਅਨਸਰ ਨੂੰ ਪਰ ਨਹੀਂ ਮਾਰਨ ਦਿੱਤੇ ਜਾਣਗੇ। ਉਹਨਾਂ ਦੱਸਿਆ ਕਿ ਜੇਲ੍ਹ ਵਿਚੋਂ ਜਮਾਨਤ ਤੇ ਬਾਹਰ ਆਏ ਨਸ਼ਾ ਤਸਕਰਾਂ ਅਤੇ ਅਪਰਾਧਿਕ ਅੰਸਰਾਂ ਤੇ ਖਾਸ ਨਜ਼ਰ ਰੱਖੀ ਜਾ ਰਹੀ ਹੈ। ਜੇਕਰ ਕੋਈ ਵਿਅਕਤੀ ਗੈਰ ਕਾਨੂਨੀ ਗਤੀਵਿਧੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਪੁਲਿਸ ਮੁਖੀ ਨੇ ਲੋਕਾਂ ਨੂੰ ਕਿਹਾ ਕਿ ਉਹ ਆਪਣੇ ਵੋਟ ਦੇ ਅਧਿਕਾਰ ਦੀ ਬਿਨਾਂ ਡਰ ਤੋਂ ਵਰਤੋਂ ਕਰਨ ਕਿਉਂਕਿ ਪੁਲਿਸ ਹਰ ਸਮੇਂ ਉਹਨਾਂ ਦੇ ਨਾਲ ਹੈ। ਇਸ ਮੌਕੇ ਐਸਐਸਪੀ ਨੇ ਕਿਹਾ ਕਿ ਅਪੀਲ ਕੀਤੀ ਜੇਕਰ ਕਿਸੇ ਵੀ ਤਰ੍ਹਾਂ ਦੇ ਮਾੜੇ ਅੰਸਰਾਂ ਬਾਰੇ ਪਤਾ ਲੱਗਦਾ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਕਿਉਂਕਿ ਲੋਕਾਂ ਦੇ ਸਹਿਯੋਗ ਨਾਲ ਹੀ ਮਾੜੇ ਅੰਸਰਾਂ ਦੇ ਨਕੇਲ ਕਸੀ ਜਾ ਸਕਦੀ ਹੈ। ਫਲੈਗ ਮਾਰਚ ਬਾਰੇ ਐਸਐਸਪੀ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿਚ ਵੀ ਇਸ ਤਰ੍ਹਾਂ ਦੇ ਮਾਰਚ ਕੀਤੇ ਜਾਂਦੇ ਰਹਿਣਗੇ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



ਸ੍ਰੀ ਅਨੰਦਪੁਰ ਸਾਹਿਬ 19 ਅਪ੍ਰੈਲ (ਦਵਿੰਦਰਪਾਲ ਸਿੰਘ): ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਵੱਲੋਂ ਦਸਵੀਂ ਦੇ ਨਤੀਜੇ ਐਲਾਨੇ ਗਏ ਜਿਸ ਵਿੱਚ ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ਼੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਦਸਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ।। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਦੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਮੁਸਕਾਨ ਪਹਿਲੇ ਸਥਾਨ ਤੇ, ਨਰਵੈਲ ਸਿੰਘ ਦੂਜੇ ਸਥਾਨ ਤੇ ਅਤੇ ਵਿਨੀਤ ਘਈ ਤੀਸਰੇ ਸਥਾਨ ਤੇ ਰਿਹਾ। ਪ੍ਰਿੰਸੀਪਲ ਗੁਰਿੰਦਰ ਕੌਰ ਨੇ ਕਿਹਾ ਕਿ ਕਿ ਸਕੂਲ ਦੇ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕਰਕੇ ਸਕੂਲ, ਆਪਣੇ ਮਾਤਾ ਪਿਤਾ ਅਤੇ ਅਧਿਆਪਕਾਂ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਜਿਆਦਾ ਮਿਹਨਤ ਕਰਕੇ ਹੋਰ ਵਧੀਆ ਅੰਕ ਪ੍ਰਾਪਤ ਕਰਨ ਲਈ ਪ੍ਰੇਰਿਆ। ਇਸ ਮੌਕੇ ਨਿਸ਼ਾ ਗਰਗ, ਰਵੀ ਇੰਦਰ ਕੌਰ, ਸੰਦੀਪ ਕੌਰ, ਨਰਿੰਦਰ ਕੌਰ, ਆਂਸ਼ੂ, ਮਮਤਾ ਦੇਵੀ, ਦੀਪਾਂਜਲੀ ਸ਼ਰਮ, ਰਜਿੰਦਰ ਕੌਰ, ਕੰਵਲਜੀਤ ਕੌਰ, ਸਤਿੰਦਰ ਕੌਰ, ਜਸਪ੍ਰੀਤ ਕੌਰ, ਸਪਨਾ ਰਾਣੀ, ਸ਼ਾਂਤੀ ਦੇਵੀ, ਅਮਰਜੀਤ ਕੌਰ, ਮਨਜੀਤ ਕੌਰ, ਕਰਮਜੀਤ ਕੌਰ, ਰਕੇਸ਼ ਬੇਦੀ ਆਦਿ ਹਾਜ਼ਰ ਸਨ।

# ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪੁਲਿਸ ਨੇ ਕੱਢਿਆ ਫਲੈਗ ਮਾਰਚ



ਸ੍ਰੀ ਅਨੰਦਪੁਰ ਸਾਹਿਬ 19 ਅਪ੍ਰੈਲ (ਦਵਿੰਦਰਪਾਲ ਸਿੰਘ): ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਸ਼ਹਿਰ ਵਿੱਚ ਅਮਨਸ਼ਾਂਤੀ ਨੂੰ ਬਰਕਰਾਰ ਰੱਖਣ ਅਤੇ ਨਿਰਪੱਖ ਚੋਣਾਂ ਦੇ ਮੰਤਵ ਨਾਲ ਐੱਸ.ਐੱਸ.ਪੀ ਗੁਲਨੀਤ ਸਿੰਘ ਖੁਰਾਣਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਜੇ ਸਿੰਘ ਡੀ.ਐਸ.ਪੀ ਦੀ ਅਗਵਾਈ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਅਜੇ ਸਿੰਘ ਡੀ.ਐਸ.ਪੀ ਨੇ ਦੱਸਿਆ ਕਿ ਸਥਾਨਕ ਪੁਲਿਸ ਫੋਰਸ ਨਾਲ ਸੰਯੁਕਤ ਰੂਪ ਵਿੱਚ ਫਲੈਗ ਮਾਰਚ ਕੱਢੇ ਜਾ ਰਹੇ ਹਨ ਤਾਂ ਜੋ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਅਮਨ ਕਨੂੰਨ ਦੀ ਸਥਿਤੀ ਬਰਕਰਾਰ ਰੱਖੀ ਜਾਵੇ ਅਤੇ ਸ਼ਰਾਰਤੀ ਅਨਸਰਾਂ ਉਤੇ ਨਕੇਲ ਕੱਸਕੇ ਚੋਣ ਪ੍ਰਕਿਰਿਆ ਨੂੰ ਸ਼ਾਂਤੀਮਈ ਢੰਗ ਨਾਲ ਨੇਪੜੇ ਚਾੜਿਆ ਜਾਵੇ। ਉਨ੍ਹਾਂ ਦੱਸਿਆ ਕਿ ਸੁਰੱਖਿਆ ਸਬੰਧੀ ਇੰਤਜਾਮ ਕੀਤੇ ਗਏ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਨਾਕੇ ਲਗਾ ਕੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਸੰਵੇਦਨਸ਼ੀਲ ਤੇ ਨਾਜ਼ੁਕ ਥਾਵਾਂ ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੇ ਮੱਦੇਨਜ਼ਰ ਇਹ ਫਲੈਗ ਮਾਰਚ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਹਿੰਮਤ ਸਿੰਘ ਥਾਨਾ ਮੁਖੀ ਸ੍ਰੀ ਅਨੰਦਪੁਰ ਸਾਹਿਬ ਤੇ ਜਤਿਨ ਕਪੂਰ ਥਾਨਾ ਮੁਖੀ ਕੀਰਤਪੁਰ ਸਾਹਿਬ ਤੇ ਵੱਡੀ ਗਿਣਤੀ ਵਿਚ ਪੁਲਿਸ ਕਰਮਚਾਰੀ ਮੌਜੂਦ ਸਨ।

# ਸਾਨੂੰ ਆਪਣੀ ਵੋਟ ਦਾ ਇਸਤੇਮਾਲ ਬਿਨਾਂ ਕਿਸੇ ਲਾਲਚ ਅਤੇ ਨਿਰਪੱਖ ਹੋ ਕੇ ਕਰਨਾ ਚਾਹੀਦਾ-ਇੰਚਾਰਜ ਰਮਨਦੀਪ

## ਸ.ਹ.ਸ.ਦੌਲੇਵਾਲਾ ਮਾਇਰ ਵਿਖੇ ਕਰਵਾਈਆਂ ਗਈਆਂ ਸਵੀਪ ਗਤੀਵਿਧੀਆਂ




ਕੋਟ ਇਸੇ ਖਾਂ (ਅਰੋੜਾ) ਸਰਕਾਰੀ ਹਾਈ ਸਕੂਲ ਦੌਲੇਵਾਲਾ ਮਾਇਰ ਵਿਖੇ ਸਵੀਪ ਗਤੀਵਿਧੀਆਂ ਦੇ ਨੋਡਲ ਇੰਚਾਰਜ ਰਮਨਦੀਪ ਕੌਰ ਵਲੋਂ ਸਵੀਪ ਗਤੀਵਿਧੀਆਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੂੰ ਵੋਟ ਦੇ ਅਧਿਕਾਰ ਸਬੰਧੀ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਦੱਸਿਆ ਕਿ 18 ਸਾਲ ਅਤੇ ਇਸਤੋਂ ਵੱਧ ਉਮਰ ਦੇ ਸਾਰੇ ਵਿਅਕਤੀ ਵੋਟ ਪਾ ਸਕਦੇ ਨੇ, ਪਰ ਸਾਨੂੰ ਆਪਣੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਲਾਲਚ ਦੇ ਨਿਰਪੱਖ ਹੋ ਕੇ ਕਰਨੀ ਚਾਹੀਦੀ ਹੈ। ਵੋਟ ਪਾਉਣਾ ਸਾਡਾ ਅਧਿਕਾਰ ਹੈ ਅਤੇ ਆਪਣੇ ਪਰਿਵਾਰ ਅਤੇ ਆਸ - ਪਾਸ ਦੇ ਲੋਕਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਵੱਖ - ਵੱਖ ਮੁਕਾਬਲੇ ਪੋਸਟਰ ਮੇਕਿੰਗ, ਚਾਰਟ ਮੇਕਿੰਗ, ਮਹਿੰਦੀ ਮੁਕਾਬਲੇ ਆਦਿ ਕਰਵਾਏ ਗਏ ਜਿਸ ਵਿੱਚ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਮੈਡਮ ਰਮਨਦੀਪ ਕੌਰ ਅਤੇ ਪਰਮਜੀਤ ਕੌਰ ਦੁਆਰਾ ਆਪ ਪਿੰਡ ਵਿੱਚ ਲੋਕਾਂ ਦੇ ਘਰ - ਘਰ ਜਾ ਕੇ ਲੋਕਾਂ ਨੂੰ ਨਿਰਪੱਖ ਮਤਦਾਨ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਰਮਨਦੀਪ ਕੌਰ ਨੇ ਕਿਹਾ ਕਿ ਸਾਡੀ ਪੂਰੀ ਕੋਸ਼ਿਸ਼ ਹੈ ਕਿ ਲੋਕ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਜ਼ਰੂਰੀ ਅਤੇ ਨਿਰਪੱਖ ਹੋ ਕੇ ਕਰਨ, ਜਿਸ ਨਾਲ ਲੋਕਤੰਤਰ ਮਜ਼ਬੂਤ ਬਣੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੀਮਤੀ ਪਰਮਜੀਤ ਕੌਰ, ਸ਼੍ਰੀਮਤੀ ਪੂਨਮ ਹਾਂਡਾ, ਮਿਸ ਸਿਮਰਜੀਤ ਕੌਰ, ਮਿਸ ਹਰਪ੍ਰੀਤ ਕੌਰ, ਬੀਰਿੰਦਰ ਸਿੰਘ ਅਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਲਾਲਜੀਤ ਭੁੱਲਰ ਸਾਬਿਤ ਕਰੇ ਉਸਦੇ ਖਿਲਾਫ ਸ਼ਿਕਾਇਤਾਂ ਹਨ ਝੂਠੀਆ - ਨਵਦੀਪ ਸਿੰਘ



ਪੱਟੀ ( ਰਵੀਕਰਨ ) ਲਾਲਜੀਤ ਭੁੱਲਰ ਦੇ ਆਗੂਆ ਵਲੋਂ ਅਖਬਾਰਾ ਚ ਬਿਆਨ ਲਗਵਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਕਿ ਲਾਲਜੀਤ ਭੁੱਲਰ ਵਿਰੁੱਧ ਝੂਠੀਆ ਸ਼ਿਕਾਇਤਾਂ ਦਰਜ ਕਰਵਾਈਆਂ ਜਾ ਰਹੀਆ ਹਨ । ਨਵਦੀਪ ਸਿੰਘ ਨੇ ਗੱਲ ਬਾਤ ਕਰਦਿਆਂ ਕਿਹਾ ਕਿ ਲਾਲਜੀਤ ਭੁੱਲਰ ਜਾਂ ਉਸਦੇ ਆਗੂ ਸਾਬਿਤ ਕਰਨ ਕਿ ਲਾਲਜੀਤ ਭੁੱਲਰ ਵਿਰੁੱਧ ਝੂਠੀਆ ਸ਼ਿਕਾਇਤਾਂ ਦਰਜ ਕਰਵਾਈਆ ਗਈਆ ਹਨ । ਨਵਦੀਪ ਸਿੰਘ ਨੇ ਕਿਹਾ ਲਾਲਜੀਤ ਭੁੱਲਰ ਦੀ ਸਿਆਸਤ ਖਤਮ ਹੋ ਚੁੱਕੀ ਹੈ ਪੰਜਾਬ ਭਰ ਵਿਚ ਲਾਲਜੀਤ ਭੁੱਲਰ ਦੇ ਖਿਲਾਫ ਰੋਸ ਪ੍ਰਦਰਸ਼ਨ ਅਤੇ ਪੁਤਲੇ ਫੂਕੇ ਜਾ ਰਹੇ ਹਨ ਅਤੇ ਹੁਣ ਲੋਕਾਂ ਨੂੰ ਗੁੰਮਰਾਹ ਕਰਨ ਲਈ ਉਸਦੇ ਆਗੂ ਝੂਠੇ ਬਿਆਨ ਦੇ ਰਹੇ ਹਨ । ਨਵਦੀਪ ਸਿੰਘ ਨੇ ਕਿਹਾ ਕਿ ਲਾਲਜੀਤ ਭੁੱਲਰ ਚੋਣ ਜ਼ਾਬਤੇ ਦੀਆ ਲਗਾਤਾਰ ਧੱਜੀਆ ਉਡਾ ਰਿਹਾ ਹੈ ਅਤੇ ਚੋਣ ਕਮਿਸ਼ਨ ਪਾਸ ਸ਼ਿਕਾਇਤਾਂ ਦਰਜ ਹਨ ਅਤੇ ਸਾਰੀਆ ਸ਼ਿਕਾਇਤਾਂ ਤੱਥਾਂ ਦੇ ਅਧਾਰ ਪਰ ਦਰਜ ਹਨ ।

# ਵਰ੍ਹੇਗੰਢ ਮਨਾਈ



ਸਤਿੰਦਰ ਸਿੰਘ ਸਰਾਂ ਅਤੇ ਰਮਨਦੀਪ ਕੌਰ ਵਾਸੀ ਨਵਾਂ ਪਿੰਡ ਜਿਲ੍ਹਾ ਗੁਰਦਾਸਪੁਰ ਨੇ ਆਪਣੇ ਵਿਆਹ ਦੀ 16 ਵੀਂ ਵਰ੍ਹੇਗੰਢ ਮਨਾਈ।

# ਮੰਤਰੀ ਬੈਂਸ ਦੀ ਅਗਵਾਈ ਹੇਠ ਆਪ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਦਾ ਸਿਲਸਿਲਾ ਲਗਾਤਾਰ ਜਾਰੀ

## ਮਾਨ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਰੇਹੜੀ ਖੋਖਾ ਯੂਨੀਅਨ ਦੇ ਪ੍ਰਧਾਨ ਸਮੇਤ ਸੈਂਕੜੇ ਲੋਕ ਆਪ 'ਚ ਸ਼ਾਮਿਲ



ਸ਼੍ਰੀ ਅਨੰਦਪੁਰ ਸਾਹਿਬ 15 ਅਪ੍ਰੈਲ (ਦਵਿੰਦਰਪਾਲ ਸਿੰਘ) ਆਮ ਆਦਮੀ ਪਾਰਟੀ ਦੇ ਪਰਿਵਾਰ ਚ' ਅੱਜ ਉਸ ਸਮੇਂ ਵੱਡਾ ਵਾਧਾ ਹੋਇਆ ਨਜਰ ਆਇਆ ਜਦੋਂ ਰੇਹੜੀ ਖੋਖਾ ਯੂਨੀਅਨ ਦੇ ਪ੍ਰਧਾਨ ਸੁਨੀਲ ਅੜਵਾਲ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਵੱਖ ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਰੇਹੜੀ ਖੋਖਾ ਯੂਨੀਅਨ ਸ਼੍ਰੀ ਅਨੰਦਪੁਰ ਸਾਹਿਬ ਵੱਲੋਂ ਭਗਤ ਰਵਿਦਾਸ ਚੌਕ ਵਿਖੇ ਕਰਵਾਏ ਗਏ ਪ੍ਰੋਗਰਾਮ ਦੌਰਾਨ ਯੂਨੀਅਨ ਦੇ ਪ੍ਰਧਾਨ ਸਮੇਤ ਸੈਂਕੜੇ ਲੋਕਾਂ ਨੂੰ ਪਾਰਟੀ ਦਾ ਸਿਰੋਪਾਓ ਪਾ ਕੇ ਆਪ ਵਿਚ ਸ਼ਾਮਲ ਕਰਵਾਇਆ।ਆਪ ਵਿੱਚ ਸ਼ਾਮਲ ਹੋਣ ਉਪਰੰਤ ਰੇਹੜੀ ਖੋਖਾ ਯੂਨੀਅਨ ਦੇ ਪ੍ਰਧਾਨ ਸੁਨੀਲ ਅੜਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੇ ਹਲਕਾ ਵਿਧਾਇਕ/ ਸਿੱਖਿਆ ਮੰਤਰੀ ਪੰਜਾਬ ਸ਼ ਹਰਜੋਤ ਸਿੰਘ ਬੈਂਸ ਦੀ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਉਨਾਂ ਨੇ ਆਪ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ।ਉਨਾਂ ਕਿਹਾ ਕਿ ਸ਼:ਬੈਂਸ ਜੋ ਕਹਿੰਦੇ ਹਨ ਉਹ ਕਰਕੇ ਵੀ ਵਿਖਾਉਂਦੇ ਹਨ ਤੇ ਉਨਾਂ ਨੇ ਜੋ ਜੋ ਵਾਅਦੇ ਲੋਕਾਂ ਨਾਲ ਕੀਤੇ ਸਨ ਉਹ ਪੂਰੇ ਕਰਕੇ ਵਿਖਾਏ ਹਨ।ਉਨਾਂ ਕਿਹਾ ਕਿ ਲੀਡਰ ਦਾ ਮਤਲਬ ਹੁੰਦਾ ਹੈ ਲੀਡ ਕਰਨ ਵਾਲਾ ਤੇ ਜਿਹੜਾ ਲੀਡਰ ਆਪਣੇ ਹਲਕੇ ਦੇ ਲੋਕਾਂ ਦਾ ਦੁੱਖ ਸੁੱਖ ਦਾ ਭਾਈਵਾਲ ਹੋਵੇ ਹਰ ਖੁਸ਼ੀ ਹਰ ਗਮੀ ਦੇ ਮੌਕੇ ਤੇ ਆਪਣੇ ਲੋਕਾਂ ਵਿਚਕਾਰ ਖੜਾ ਹੋਵੇ ਉਹ ਹੀ ਅਸਲੀ ਲੀਡਰ ਹੁੰਦਾ ਹੈ ਤੇ ਸ ?:ਬੈਂਸ ਹਰ ਸਮੇਂ ਆਪਣੇ ਹਲਕੇ ਦੇ ਲੋਕਾਂ ਨਾਲ ਖੜੇ ਹੋਏ ਵਿਖਾਈ ਦਿੰਦੇ ਹਨ ਤੇ ਇਹ ਖਾਸੀਅਤ ਪਹਿਲਾਂ ਵਾਲੇ ਲੀਡਰਾਂ ਵਿੱਚ ਵਿਖਾਈ ਨਹੀਂ ਦਿੱਤੀ। ਅੜਵਾਲ ਨੇ ਕਿਹਾ ਕਿ ਸ਼:ਬੈਂਸ ਦੁਆਰਾ ਬਿਨਾਂ ਕਿਸੇ ਭੇਦਭਾਵ ਦੇ ਇਲਾਕੇ ਵਿੱਚ ਕਰਵਾਇਆ ਜਾ ਰਿਹਾ ਸਰਬਪੱਖੀ ਵਿਕਾਸ ਸਾਰਿਆਂ ਦੇ ਸਾਹਮਣੇ ਹੈ ਤੇ ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ ਹੁੰਦੀ।ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਹਰ ਘਰ ਨੂੰ 600 ਯੂਨਿਟ ਬਿਜਲੀ ਮੁਫਤ ਦਿੱਤੀ ਜਾਵੇਗੀ ਤੇ ਅੱਜ ਇਹ ਸਹੂਲਤ ਪੰਜਾਬ ਵਿੱਚ ਵੱਸਦੇ ਹਰ ਪੰਜਾਬੀ ਨੂੰ ਦਿੱਤੀ ਜਾ ਰਹੀ ਹੈ ਤੇ ਬਿਜਲੀ ਦਾ ਬਿੱਲ 0 ਆ ਰਿਹਾ ਹੈ।ਉਨਾਂ ਕਿਹਾ ਕਿ ਜਿਨਾਂ ਪਰਿਵਾਰਾਂ ਦੀ ਬਿਜਲੀ ਦਾ ਬਿੱਲ ਨਾ ਆਉਣ ਕਾਰਨ ਚਾਰ ਪੰਜ ਹਜਾਰ ਰੁਪਏ ਦੀ ਬੱਚਤ ਹੋ ਰਹੀ ਹੈ ਉਨਾਂ ਨੂੰ ਪੁੱਛ ਕੇ ਵੇਖੋ ਕਿ ਲੋੜਵੰਦ ਪਰਿਵਾਰਾਂ ਲਈ ਇਸਦੀ ਕੀ ਕੀਮਤ ਹੈ।ਉਨਾਂ ਮੁਹੱਲਾ ਕਲੀਨਿਕ,ਸਰਕਾਰੀ ਹਸਪਤਾਲਾਂ ਚ' ਮੁਫਤ ਮਿਲ ਰਹੀਆਂ ਦਵਾਈਆਂ,ਸਿੱਖਿਆ ਦੇ ਖੇਤਰ ਵਿੱਚ ਆਏ ਵੱਡੇ ਸੁਧਾਰਾਂ ਦੀ ਗੱਲ ਕਰਦਿਆਂ ਆਖਿਆ ਕਿ ਅਜਾਦੀ ਤੋਂ ਬਾਅਦ ਅਜਿਹੀਆਂ ਸਹੂਲਤਾਂ ਪਹਿਲੀ ਵਾਰ ਮਿਲ ਰਹੀਆਂ ਹਨ,ਜਿਸ ਕਾਰਨ ਪੰਜਾਬ ਦਾ ਆਵਾਮ ਪੰਜਾਬ ਸਰਕਾਰ ਤੇ ਭਗਵੰਤ ਮਾਨ ਦੇ ਸੋਹਲੇ ਗਾ ਰਿਹਾ ਹੈ।ਉਨਾਂ ਕਿਹਾ ਕਿ ਹਰ ਧਰਮ ਦਾ ਸਤਿਕਾਰ ਕਰਨ ਵਾਲੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਵਰਗੇ ਮਿਲਣਸਾਰ ਵਿਅਕਤੀ ਵੱਲੋਂ ਹਰ ਛੋਟੇ ਵੱਡੇ ਨੂੰ ਦਿੱਤਾ ਜਾਂਦਾ ਸਤਿਕਾਰ ਤੇ ਉਨਾਂ ਦੇ ਕੰਮ ਕਰਨ ਦੇ ਤਰੀਕੇ ਨੇ ਉਨਾਂ ਨੂੰ ਐਨਾ ਪ੍ਰਭਾਵਿਤ ਕੀਤਾ ਕਿ ਅੱਜ ਉਨਾਂ ਨੇ ਆਪ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਇਸ ਮੌਕੇ ਸੁਨੀਲ ਅੜਵਾਲ ਤੋਂ ਇਲਾਵਾ ਨਰਿੰਦਰ ਕੁਮਾਰ, ਰੰਮੀ ਕੁਮਾਰ, ਰਾਮ ਕੁਮਾਰ, ਗੁਰਮੀਤ ਸਿੰਘ, ਅਰੁਣ ਕੁਮਾਰ, ਪੂਰੀ ਰਜਾਕ, ਵਿਵੇਕ ਸ਼ਰਮਾ, ਇੰਦਰਜੀਤ, ਰਾਹੁਲ ਕੁਮਾਰ, ਗੁਰਬਖਸ਼, ਰਾਮਪਾਲ, ਦੀਪਕ, ਬਲੀ ਮੁਹੰਮਦ, ਨਿਰਮਲ, ਗੁਰਭੇਜ, ਸ਼ਿਵ ਪ੍ਰਕਾਸ਼, ਅਮਰੀਕ ਸਿੰਘ ਵਿੱਕੀ, ਪਪਨ ਕੁਮਾਰ, ਮਹਿੰਦਰ ਸਿੰਘ, ਬਲਵਿੰਦਰ ਸਿੰਘ, ਗੌਰਵ, ਨਰਿੰਦਰ ਸਿੰਘ ਜਰਨੈਲ ਸਿੰਘ, ਸੰਜੂ, ਸੁਰਿੰਦਰ ਸਿੰਘ , ਵਿਜੈ ,ਸ਼੍ਰੀਮੀ ,ਲੱਕੀ ਕੁਮਾਰ, ਗੋਲੂ, ਚਮਨ ਲਾਲ ,ਚਾਨਣ ਸਿੰਘ,ਰਾਧਾ ਰਾਣੀ, ਕਰਮਜੀਤ ਕੌਰ ,ਅੰਜਲੀ, ਵਿਕੀ, ਕਰਨ, ਵਿਕਾਸ ਅਦਵਾਲ, ਰਾਜ,ਨੌਣੀ, ਹਰਵਿੰਦਰ ਸਿੰਘ, ਬਿਹਾਰੀ ਲਾਲ ਸਮੇਤ ਹੋਰ ਅਨੇਕਾਂ ਨੌਜਵਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜ਼ਿਕਰਯੋਗ ਹੈ ਕਿ ਰੇਹੜੀ ਖੋਖਾ ਯੂਨੀਅਨ ਦੇ ਪ੍ਰਧਾਨ ਸੁਨੀਲ ਅੜਵਾਲ ਦੇ ਮਾਤਾ ਜੀ ਵੀ ਵਾਰਡ ਨੰਬਰ 12 ਤੋਂ ਬਤੌਰ ਕੌਂਸਲਰ ਸੇਵਾਵਾਂ ਨਿਭਾ ਰਹੇ ਹਨ, ਇਸ ਮੌਕੇ ਨਗਰ ਕੌਂਸਲ ਸ਼੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ, ਵਪਾਰ ਮੰਡਲ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ,ਬਲਾਕ ਪ੍ਰਧਾਨ ਜਗਜੀਤ ਸਿੰਘ ਜੱਗੀ,ਯੂਥ ਆਗੂ ਦਵਿੰਦਰ ਸਿੰਘ ਸ਼੍ਰੀਮੀ ਬਰਾਰੀ,ਐਡ:ਰਜਤ ਬੇਦੀ,ਰਾਜਪਾਲ ਮੋਹੀਵਾਲ,ਸ਼ੈਲੀ ਅਰੋੜਾ,ਹੈਪੂ ਤਲਵਾੜ,ਦਿਲੀਪ ਹੰਸ, ਰਜਿੰਦਰ ਗਿੱਲ,ਨਿਤਿਨ ਸ਼ਰਮਾ, ਦਲਜੀਤ ਸਿੰਘ ਕਾਕਾ ਨਾਨਗਰਾਂ ਤੇ ਹੋਰ ਮੌਜੂਦ ਸਨ।

Website : www.lokbani.com
lokbani08@gmail.com

# ਕਾਵਿਕ ਲਕੀਰਾਂ ਪੁਸਤਕ ਲੋਕ ਅਰਪਣ ਸਮਾਰੋਹ ਮੌਕੇ ਸ੍ਰੀ ਅਰਵਿੰਦ ਪੁਰੀ ਦਾ ਸਨਮਾਨ



ਕੁਰਾਲੀ : ਪੰਜਾਬ ਸਕੱਤਰੇਤ ਸਹਿਤ ਸਭਾ ਰਜਿ: ਚੰਡੀਗੜ੍ਹ ਵੱਲੋਂ 52 ਲੇਖਕਾਂ ਅਤੇ 100 ਵੱਡੇ ਗੀਤਕਾਰਾਂ ਗ਼ਜ਼ਲ, ਕਵਿਤਾਕਾਰਾਂ ਤੇ ਆਧਾਰਤ "ਕਾਵਿਕ ਲਕੀਰਾਂ" ਪੁਸਤਕ ਲੋਕ ਅਰਪਣ ਸਮਾਰੋਹ ਵਿੱਚ ਸਾਹਿਤਕਾਰਾਂ ਕਵੀਆਂ ਵਗੈਰਾ ਦਾ ਸਾਂਝਾ ਸੰਗ੍ਰਹਿ ਲੋਕ ਅਰਪਣ ਕੀਤੀ ਗਈ। ਪੁਸਤਕ ਦੇ ਸੰਪਾਦਕ ਮਲਕੀਤ ਸਿੰਘ ਔਜਲਾ ਉੱਘੇ ਗੀਤਕਾਰ ਲੇਖਕ ਗਜ਼ਲਕਾਰ ਜੋ ਕਿ ਮੁੱਲਾਪੁਰ ਗਰੀਬਦਾਸ ਨਿਊ ਚੰਡੀਗੜ੍ਹ ਦੇ ਜੰਪਲ ਅਤੇ ਪੰਜਾਬ ਸਕੱਤਰ ਸਾਹਿਤ ਸਭਾ ਦੇ ਪ੍ਰਧਾਨ ਹਨ। ਉੱਗੇ ਲੋਕ ਗਾਇਕ ਸੁਰਜੀਤ ਬਿੰਦਰਖੀਆ ਤੇ ਉਹਨਾਂ ਦੇ ਪਿਤਾ ਸੁੱਚਾ ਸਿੰਘ ਪਹਿਲਵਾਨ ਪਰਿਵਾਰ ਦੇ ਨਾਨਕੇ ਔਜਲਾ ਪਰਿਵਾਰ ਚ ਹਨ। ਇਹਨਾਂ ਤੋਂ ਇਲਾਵਾ ਵੱਡੇ ਵੱਡੇ ਪੰਜਾਬ ਦੇ ਸੱਭਿਆਚਾਰਕ ,ਪੁਆਧ ਤੇ ਅਧਾਰਤ ਵੱਡੀਆਂ ਪੁਸਤਕਾਂ ਲਿਖਤ ਕਰ ਲੋਕ ਅਰਪਣ ਕਰ ਚੁੱਕੇ ਹਨ। ਚੰਗੇ ਚੰਗੇ ਪੰਜਾਬੀ ਵਿਰਸਤੀ ਬੋਲੀਆਂ, ਲੋਕ ਗੀਤਾਂ ਦੇ ਨੌਜਵਾਨ ਕਲਾਕਾਰ ਦਲਵਿੰਦਰ ਬਾਰਨ( ਪਟਿਆਲਾ )ਵਰਗੇ ਕਲਾਕਾਰ ਦੇ ਵੀਡੀਓ ਤਿਆਰ ਕਰਕੇ ਪੇਸ਼ ਕਰ ਚੁੱਕੇ ਹਨ।ਇਸ ਅਫਸਰ ਤੇ ਪੰਜਾਬ ਸਕੱਤਰ ਰੇਤ ਸਹਿਤ ਸਭਾ ਵੱਲੋਂ ਪ੍ਰਧਾਨ ਮਲਕੀਤ ਔਜਲਾ ਤੇ ਉਹਨਾਂ ਦੇ ਗੁਰੂ ਸ਼੍ਰੋਮਣੀ ਬਾਲ ਸਾਹਿਤਕਾਰ ਪ੍ਰੋਫੈਸਰ ਮਨਮੋਹਣ ਸਿੰਘ ਦਾਊ ,ਸਾਬਕਾ ਆਈ ਏ ਐਸ ਅਧਿਕਾਰੀ ਮਨਜੀਤ ਸਿੰਘ ਨਰੰਗ, ਉੱਘੇ ਸ਼ਾਇਰ ਪ੍ਰੋਫੈਸਰ ਕੁਲਵੰਤ ਸਿੰਘ ਔਜਲਾ ਅਤੇ ਭਾਸ਼ਾ ਜ਼ਿਲਾ ਭਾਸ਼ਾ ਅਫਸਰ ਮੋਹਾਲੀ ਡਾਕਟਰ ਦਵਿੰਦਰ ਦਵਿੰਦਰ ਸਿੰਘ ਬੋਹਾ ਸਕੱਤਰੇਤ ਦੀ ਜੁਆਇੰਟ ਐਕਸ਼ਨ ਕਮੇਟੀ ਦੇ ਚੇਅਰਮੈਨ ਸੁਖਚੈਨ ਸਿੰਘ ਖਹਿਰਾ ਸਕੱਤਰਏਤ ਸਟਾਫ ਐਸ ਦੇ ਆਗੂ ਜਸਪ੍ਰੀਤ ਰੰਧਾਵਾ ,ਸਾਹਿਤਕਾਰ ਰਾਜਕੁਮਾਰ ਸਾਹੋਵਾਲੀਆ ਤੋਂ ਇਲਾਵਾ 100 ਦੇ ਕਰੀਬ ਵੱਡੇ ਸਾਹਿਤਕਾਰ ਗੀਤਕਾਰ, ਲੇਖਕਾਂ, ਕਵੀਆਂ ਨੇ ਹਾਜ਼ਰ ਹੋ ਕੇ ਪ੍ਰੋਗਰਾਮ ਦੀ ਰੌਣਕਾਂ ਵਧਾਈਆਂ।

ਇਸ ਮੌਕੇ ਉੱਗੇ ਸਮਾਜ ਸੇਵਕ ਅਤੇ ਪੰਜਾਬੀ ਸਾਹਿਤ ਸੱਭਿਆਚਾਰਕ ਤੇ ਗੀਤ ਸੰਗੀਤ ਮੰਚ ਦੇ ਚੇਅਰਮੈਨ ਸ਼੍ਰੀ ਅਰਵਿੰਦਪੁਰੀ ਚੇਅਰਮੈਨ ਪੁਰੀ ਟਰੱਸਟ ਅਤੇ ਉੱਘੇ ਸਰੰਗੀਵਾਦਕ ਰਣਧੀਰ ਸਿੰਘ ਧੀਰਾ ਤੇ ਹੋਰ ਮਹਾਨ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ।

ਇਸ ਅਵਸਰ ਤੇ ਸ੍ਰੀ ਅਰਵਿੰਦਪੁਰੀ ਨੇ ਔਜਲਾ ਸਾਹਿਬ ਬਾਰੇ ਬੋਲਦਿਆਂ ਕਿਹਾ ਕਿ ਉਹ ਤੇ ਉਨ੍ਹਾਂ ਦੀ ਟੀਮ ਦੀ ਸੰਪਾਦਕੀ ,ਕਲਮ ,ਰਚਨਾਵਾਂ, ਕਵਿਤਾਵਾਂ ਗਜਲਾਂ ਤੇ ਪੰਜਾਬ ਦੇ ਸੱਭਿਆਚਾਰ ਅਤੇ ਵਿਰਸੇ ਨੂੰ ਪ੍ਰਫੁੱਲਤ ਕਰਨ ਵਾਲੀਆਂ ਵੀਡੀਓ ਪੁਸਤਕਾਂ ਪੇਸ਼ ਕਰ ਰਹੇ।ਅੱਛੇ ਅੱਛੇ ਕਲਾਕਾਰ ਤਿਆਰ ਕਰਨ ਚ ਜੋ ਮੁਹਾਰਤ ਅਤੇ ਮਿਹਨਤ ਸਦਕਾ ਜੋ ਵਡਮੁੱਲੀ ਕਿਤਾਬ ਜੋ ਕਿ ਬਹੁਤ ਹੀ ਵਧੀਆ ਰੂਪ ਚ ਮੋਤੀਆਂ ਨੂੰ ਮਾਲਾ ਚ ਪਰੋ ਕੇ ਸਭਨਾਂ ਲਈ ਪੇਸ਼ ਕਰ ਰਹੇ ਹਨ।ਇਸ ਲਈ ਪੂਰੀ ਟੀਮ ਬਹੁਤ ਹੀ ਸ਼ਲਾਗਾ ਯੋਗ ਅਤੇ ਸਾਡੇ ਲਈ ਮਾਣ ਵਾਲੀ ਗੱਲ ਹੈ ।ਇਸ ਮੌਕੇ ਸੁੱਖਾ ਤੂੰਬੀ ਵਾਲਾ ਮੁੱਲਾਂਪੁਰ ਗਰੀਬਦਾਸ ,ਅਲੀ ਰਾਜਪੁਰਾ, ਸਰਬਜੀਤ ਵਿਰਦੀ ,ਭੁਪਿੰਦਰ ਮਟੋਰੀਆ, ਭੁਪਿੰਦਰ ਝੱਜ ,ਕੁਲਵੰਤ ਸਿੰਘ ਆਦਿ ਗੀਤਕਾਰਾਂ ਲੇਖਕਾਂ ਦਾ ਵੀ ਸਨਮਾਨ ਕੀਤਾ ਗਿਆ।ਅੰਤ ਵਿੱਚ ਸਾਹਿਤ ਸਭਾ ਦੇ ਪ੍ਰਧਾਨ ਮਲਕੀਤ ਔਜਲਾ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਗਿਆ।

# ਸਵੀਪ ਟੀਮਾਂ ਵੱਲੋਂ ਪਿਛਲੇ ਸਮੇਂ 'ਚ ਘੱਟ ਵੋਟਿੰਗ ਵਾਲੇ ਇਲਾਕਿਆਂ 'ਚ ਵੋਟਰ ਜਾਗਰੂਕਤਾ ਕੈਂਪ ਲਗਾਏ ਗਏ

ਲੁਧਿਆਣਾ : ਲੋਕ ਸਭਾ ਚੋਣਾਂ-2024 ਦੌਰਾਨ ਵੱਧ ਤੋਂ ਵੱਧ ਵੋਟਰਾਂ ਦੀ ਸ਼ਮੂਲੀਅਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਯਤਨ ਕਰਨ ਦੇ ਨਾਲ, ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸੀਪੇਸ਼ਨ (ਐਸ.ਵੀ.ਈ.ਈ.ਪੀ.) ਟੀਮਾਂ ਉਨ੍ਹਾਂ ਖੇਤਰਾਂ ਵਿੱਚ ਵੋਟਰ ਜਾਗਰੂਕਤਾ ਫੈਲਾਉਣ ਲਈ ਸਰਗਰਮੀ ਨਾਲ ਜੁਟੀਆਂ ਹੋਈਆਂ ਹਨ, ਜਿਨ੍ਹਾਂ ਇਲਾਕਿਆਂ ਵਿੱਚ ਪਿਛਲੇ ਸਮੇਂ ਦੌਰਾਨ ਘੱਟ ਗਿਣਤੀ ਦੇਖਣ ਨੂੰ ਮਿਲ ਰਹੀ ਹੈ।

ਵੱਖ-ਵੱਖ ਟੀਮਾਂ ਵੱਲੋਂ ਅੱਜ ਕੁੰਦਨਪੁਰੀ, ਕੈਲਾਸ਼ ਚੌਕ ਖੇਤਰ, ਦੁੱਗਰੀ ਫੇਜ਼-2 ਸਮੇਤ ਹੋਰ ਖੇਤਰਾਂ ਵਿੱਚ ਵੋਟਰ ਜਾਗਰੂਕਤਾ ਕੈਂਪ ਲਗਾਏ। ਇਸੇ ਤਰ੍ਹਾਂ ਦੇ ਕੈਂਪ ਜਗਰਾਉਂ, ਰਾਏਕੋਟ ਆਦਿ ਦੇ ਵੱਖ-ਵੱਖ ਪਿੰਡਾਂ ਵਿੱਚ ਵੀ ਲਗਾਏ ਗਏ।

ਸਵੀਪ ਟੀਮਾਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ ਲੜਕੀਆਂ ਦੇ ਹੋਸਟਲ, ਡੀ.ਏ.ਵੀ. ਪਬਲਿਕ ਸਕੂਲ, ਸਰਕਾਰੀ ਸਕੂਲ ਸ਼ਾਹਬਾਜ਼ਪੁਰਾ ਰਾਏਕੋਟ, ਏ.ਟੀ.ਆਈ. ਗਿੱਲ ਰੋਡ ਸਮੇਤ ਹੋਰ ਵਿੱਦਿਅਕ ਸੰਸਥਾਵਾਂ ਵਿੱਚ ਜਾਗਰੂਕਤਾ ਕੈਂਪ ਵੀ ਲਗਾਏ। ਵਿਦਿਆਰਥੀਆਂ ਨੇ ਵੋਟਰ ਜਾਗਰੂਕਤਾ ਪੈਦਾ ਕਰਨ ਲਈ ਦਾਖਾ ਦੇ ਗੁਰੂ ਤੇਗ ਬਹਾਦਰ ਕਾਲਜ ਵਿੱਚ ਨੁੱਕੜ ਨਾਟਕ ਵੀ ਪੇਸ਼ ਕੀਤਾ।

ਜਿੱਥੇ ਰਜਿਸਟਰਡ ਵੋਟਰਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਹੈ, ਉੱਥੇ ਹੀ ਜਿਹੜੇ ਯੋਗ ਵਸਨੀਕਾਂ ਨੇ ਅਜੇ ਤੱਕ ਆਪਣੀ ਵੋਟ ਨਹੀਂ ਬਣਵਾਈ, ਉਨ੍ਹਾਂ ਨੂੰ ਵੋਟਰ ਵਜੋਂ ਆਪਣਾ ਨਾਮ ਰਜਿਸਟਰ ਕਰਵਾਉਣ ਦੀ ਅਪੀਲ ਕੀਤੀ ਜਾ ਰਹੀ ਹੈ।


ਯੋਗ ਵਸਨੀਕ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਲਈ 'ਵੋਟਰ ਹੈਲਪਲਾਈਨ' ਮੋਬਾਈਲ ਐਪਲੀਕੇਸ਼ਨ ਅਤੇ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ (ਐਨ.ਵੀ.ਐਸ.ਪੀ.) ਦੀ ਵਰਤੋਂ ਕਰ ਸਕਦੇ ਹਨ। ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਨਿਵਾਸੀ www.nvsp.in 'ਤੇ ਵੀ ਜਾ ਸਕਦੇ ਹਨ। ਵਸਨੀਕ 4 ਮਈ, 2024 ਤੱਕ ਵੋਟਰ ਵਜੋਂ ਆਪਣਾ ਨਾਮ ਦਰਜ ਕਰਵਾ ਸਕਦੇ ਹਨ।

ਜ਼ਿਲ੍ਹਾ ਚੋਣ ਅ.ਫਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਸਵੀਪ ਪ੍ਰੋਗਰਾਮ ਤਹਿਤ ਜ਼ਿਲ੍ਹੇ ਵਿੱਚ ਲਗਾਤਾਰ ਵੋਟਰ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਕੈਂਪ ਲਗਾਏ ਜਾ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਦਾ ਉਦੇਸ਼ ਲੋਕ ਸਭਾ ਚੋਣਾਂ-2024 ਦੌਰਾਨ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਅਤੇ ਲੋਕ ਸਭਾ ਚੋਣਾਂ ਦੌਰਾਨ 70 ਪ੍ਰਤੀਸ਼ਤ (ਇਸ ਵਾਰ, 70 ਪਾਰ) ਤੋਂ ਵੱਧ ਵੋਟਰਾਂ ਦੇ ਮਤਦਾਨ ਦੇ ਟੀਚੇ ਨੂੰ ਪ੍ਰਾਪਤ ਕਰਨਾ ਹੈ।

ਜ਼ਿਲ੍ਹਾ ਚੋਣ ਅ.ਫਸਰ ਸਾਹਨੀ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ ਪੀੜ੍ਹੀਆਂ ਦੇ ਬਿਹਤਰ ਭਵਿੱਖ ਦੀ ਉਸਾਰੀ ਲਈ ਪੋਲਿੰਗ ਵਾਲੇ ਦਿਨ (1 ਜੂਨ) ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ ਸਹੂਲਤ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਵੋਟਰ ਆਰਾਮ ਨਾਲ ਵੋਟ ਪਾ ਸਕਣ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪ੍ਰਸ਼ਾਸਨ ਅਤੇ ਪੁਲਿਸ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ।



# ਤੇਜ਼ਾਬ ਅਤੇ ਮਾਈਗਰੇਨ ਲਈ ਲਾਭਦਾਇਕ ਕੁੰਜਲ ਕਿਰਿਆ



ਅੱਜ ਦੇ ਪ੍ਰਦੂਸ਼ਣ ਵਾਲੇ ਵਾਤਾਵਰਨ ਵਿੱਚ ਕਈ ਬਿਮਾਰੀਆਂ ਸਾਨੂੰ ਆਪਣੀ ਪਕੜ ਵਿੱਚ ਲੈ ਰਹੀਆਂ ਹਨ। ਇਹ ਬਿਮਾਰੀਆਂ ਇੱਕ ਪਾਸੇ ਤਾਂ ਇਨਸਾਨ ਦੀ ਸਿਹਤ ਨੂੰ ਘੁਣ ਵਾਂਗ ਖਾ ਰਹੀਆਂ ਹਨ, ਦੂਸਰੇ ਪਾਸੇ ਮਿਹਨਤ ਮੁਸ਼ੱਕਤ ਨਾਲ ਕੀਤੀ ਕਮਾਈ ਵੀ ਚੱਟ ਰਹੀਆਂ ਹਨ। ਇਨ੍ਹਾਂ ਬਿਮਾਰੀਆਂ ਨਾਲ ਮਨੁੱਖ ਦੀ ਉਮਰ ਲਗਾਤਾਰ ਘਟ ਰਹੀ ਹੈ। ਜਿੱਥੇ ਪਹਿਲਾਂ ਮਨੁੱਖ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਉਹ ਵੀ ਇਨ੍ਹਾਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਸਕਦਾ ਹੈ, ਉਹ ਵੀ ਅੱਜ ਇਨ੍ਹਾਂ ਲਾਇਲਾਜ ਬਿਮਾਰੀਆਂ ਦੇ ਜਾਲ ਵਿੱਚ ਫਸ ਰਿਹਾ ਹੈ। ਅੱਜ ਦੀਆਂ ਭਿਆਨਕ ਬਿਮਾਰੀਆਂ ਤੋਂ ਲੱਖਾਂ ਰੁਪਏ ਖਰਚ ਕਰ ਕੇ ਵੀ ਛੁਟਕਾਰਾ ਨਹੀਂ ਪਾਇਆ ਜਾ ਰਿਹਾ ਪਰ ਯੋਗ ਹੀ ਇੱਕ ਮਾਤਰ ਅਜਿਹਾ ਸਾਧਨ ਹੈ ਜਿਸ ਨਾਲ ਆਮ ਇਨਸਾਨ ਅਜਿਹੇ ਵਾਤਾਵਰਨ ਵਿੱਚ ਰਹਿ ਕੇ ਵੀ ਆਪਣੇ ਆਪ ਨੂੰ ਇਨ੍ਹਾਂ ਬਿਮਾਰੀਆਂ ਤੋਂ ਦੂਰ ਰੱਖ ਸਕਦਾ ਹੈ।

ਸਾਡੇ ਦੇਸ਼ ਭਾਰਤ ਦਾ ਸਾਦਾ ਖਾਣਾ ਜੋ ਭਾਰਤੀ ਮਸਾਲਿਆਂ ਨਾਲ ਇਸ ਤਰ੍ਹਾਂ ਤਿਆਰ ਕੀਤਾ ਜਾਂਦਾ ਜਿਸ ਨਾਲ ਬਿਮਾਰੀਆਂ ਸਰੀਰ ਨੂੰ ਲੱਗਣ ਦੀ ਥਾਂ ਸਰੀਰ ‘ਚੋਂ ਬਾਹਰ ਨਿਕਲ ਜਾਂਦੀਆਂ ਹਨ ਪਰ ਅੱਜ ਦੀ ਨੌਜਵਾਨ ਪੀੜ੍ਹੀ ਲਗਾਤਾਰ ਬਾਜ਼ਾਰ ਦੇ ਉਹ ਭੋਜਨ ਸੇਵਨ ਕਰ ਰਹੀ ਹੈ ਜੋ ਪੱਛਮੀ ਦੇਸ਼ਾਂ ਦੇ ਲੋਕ ਖਾਂਦੇ ਹਨ। ਇਸ ਨੂੰ ਫਾਸਟ ਫੂਡ ਜਾਂ ਡੱਬਾ ਬੰਦ ਭੋਜਨ ਵਜੋਂ ਜਾਣਿਆ ਜਾਂਦਾ ਹੈ। ਇਹ ਭੋਜਨ ਬਾਜ਼ਾਰ ਵਿੱਚ ਆਸਾਨੀ ਨਾਲ ਮਿਲ ਜਾਂਦਾ ਹੈ ਅਤੇ ਜਲਦੀ ਵੀ ਬਣਦਾ ਹੈ। ਕਈ ਲੋਕ ਤਾਂ ਆਪਣੀ ਪਛਾਣ ਵੱਡੀ ਬਣਾਉਣ ਲਈ ਇਸ ਤਰ੍ਹਾਂ ਦੇ ਖਾਣਿਆਂ ਦੀ ਵਰਤੋਂ ਕਰਦੇ ਹਨ। ਘਰ ਵਿੱਚ ਲੋਕ ਵਿਹਲੇ ਹੋ ਕੇ ਵੀ ਇਹ ਕਹਿ ਦਿੰਦੇ ਹਨ ਕਿ ਸਾਡੇ ਕੋਲ ਸਮਾਂ ਨਹੀਂ ਹੈ, ਬਾਹਰ ਦਾ ਖਾਣਾ ਮੰਗਵਾ ਲੈਂਦੇ ਹਾਂ। ਸਮਾਂ ਤਾਂ ਉਨ੍ਹਾਂ ਕੋਲ ਬਹੁਤ ਹੁੰਦਾ ਹੈ ਪਰ ਪੱਛਮੀ ਭੋਜਨ ਦਾ ਸਵਾਦ ਹੀ ਅਲੱਗ ਹੁੰਦਾ ਜੋ ਉਨ੍ਹਾਂ ਨੂੰ ਘਰ ਦਾ ਸੰਤੁਲਿਤ ਭੋਜਨ ਖਾਣ ਨਹੀਂ ਦਿੰਦਾ। ਇਸ ਭੋਜਨ ਦੇ ਸੇਵਨ ਨਾਲ ਅੱਜ ਦੇ ਲੋਕ ਲਗਾਤਾਰ ਆਪਣੇ ਸਰੀਰ ਨੂੰ ਰੋਗ ਲਾ ਰਹੇ ਹਨ। ਤੇਜ਼ਾਬ ਤੋਂ ਲੈ ਕੇ ਪਾਚਨ ਕਿਰਿਆ ਸਬੰਧੀ ਰੋਗ ਇਸੇ ਭੋਜਨ ਦਾ ਕਾਰਨ ਹੀ ਹੈ।

ਕੁੰਜਲ ਕਿਰਿਆ- ਕੁੰਜਲ ਕਿਰਿਆ ਕਰਨ ਤੋਂ ਪਹਿਲਾਂ ਸਾਫ਼ ਪਾਣੀ ਨੂੰ ਉਨਾ ਹੀ ਗਰਮ ਕਰੋ ਜਿਸ ਨੂੰ ਤੁਸੀਂ ਆਸਾਨੀ ਨਾਲ ਪੀ ਸਕੋ। ਪਾਣੀ ਦੀ ਮਾਤਰਾ 3 ਤੋਂ 5 ਗਿਲਾਸ ਹੋਣੀ ਚਾਹੀਦੀ ਹੈ। ਉਸ ਤੋਂ ਬਾਅਦ ਪਾਣੀ ਵਿੱਚ ਸਵਾਦ ਅਨੁਸਾਰ ਥੋੜ੍ਹਾ ਜਿਹਾ ਨਮਕ ਪਾਓ। ਹਾਈ ਬਲੱਡ ਪਰੈਸ਼ਰ ਦੇ ਰੋਗੀ ਨੂੰ ਨਮਕ ਨਹੀਂ ਪਾਉਣਾ ਚਾਹੀਦਾ। ਇਸ ਤੋਂ ਬਾਅਦ ਪਾਣੀ ਨੂੰ ਜੱਗ ਵਿੱਚ ਪਾ ਕੇ ਕਾਂਗ ਆਸਣ ਵਿੱਚ ਬੈਠੋ। ਇਸ ਤੋਂ ਬਾਅਦ ਪਾਣੀ ਪੀਣਾ ਸ਼ੁਰੂ ਕਰੋ। ਇਹ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ ਕਿ ਪਾਣੀ ਨੂੰ ਰੁਕ-ਰੁਕ ਕੇ ਨਾ ਪੀਤਾ ਜਾਵੇ ਸਗੋਂ ਨਿਰੰਤਰ ਪੀਂਦੇ ਰਹੋ। ਸਾਰਾ ਪਾਣੀ ਪੀਣ ਤੋਂ ਬਾਅਦ ਦੋਹਾਂ ਪੈਰਾਂ ਉੱਤੇ ਖੜ੍ਹੇ ਹੋ ਕੇ ਧਰਤੀ ਦੇ ਸਮਾਨੰਤਰ ਮੂੰਹ ਨੂੰ ਝੁਕਾਉਂਦੇ ਹੋਏ 9 ਡਿਗਰੀ ਦਾ ਕੋਣ ਬਣਾ ਕੇ ਝੁਕੋ ਅਤੇ ਸੱਜੇ ਹੱਥ ਦੀਆਂ 3 ਉਂਗਲੀਆਂ ਨੂੰ ਆਪਣੇ ਮੂੰਹ ਵਿੱਚ ਪਾਓ ਅਤੇ ਛੋਟੀ ਜੀਭ ਨੂੰ ਹਲਕੇ-ਹਲਕੇ ਦਬਾਓ। ਵੇਗ ਬਣਨ ਨਾਲ ਤੁਹਾਡੇ ਦੁਆਰਾ ਪੀਤਾ ਗਿਆ ਪਾਣੀ ਬਾਹਰ ਨਿਕਲਣ ਲੱਗੇਗਾ। ਕੁੰਜਲ ਕਿਰਿਆ ਕਰਦੇ ਸਮੇਂ ਗਲੇ ‘ਤੇ ਜ਼ਿਆਦਾ ਦਬਾਅ ਨਾ ਪਾਓ ਜਿਹੜਾ ਹਾਨੀਕਾਰਕ ਹੋ ਸਕਦਾ ਹੈ। ਇਸ ਤਰ੍ਹਾਂ ਤੁਸੀਂ ਜੋ ਪਾਣੀ ਪੀਤਾ ਹੈ, ਉਹ ਸਾਰਾ ਬਾਹਰ ਨਿਕਲਣਾ ਚਾਹੀਦਾ ਹੈ। ਜੇਕਰ ਸਾਰਾ ਪਾਣੀ ਬਾਹਰ ਨਹੀਂ ਨਿਕਲਦਾ ਤਾਂ ਘਬਰਾਉਣਾ ਨਹੀਂ ਚਾਹੀਦਾ।

**ਸਮਾਂ**

ਇਹ ਕਿਰਿਆ ਸਵੇਰ ਵੇਲੇ ਖਾਲੀ ਪੇਟ ਕੀਤੀ ਜਾ ਸਕਦੀ ਹੈ ਪਰ ਜੇਕਰ ਕਿਸੇ ਨੇ ਕੋਈ ਗਲਤ ਵਸਤੂ ਦਾ ਸੇਵਨ ਕਰ ਲਿਆ ਹੋਵੇ ਤਾਂ ਇਹ ਕਿਰਿਆ ਕਰ ਕੇ ਉਸ ਨੂੰ ਬਾਹਰ ਕੱਢਿਆ ਜਾ ਸਕਦਾ ਹੈ। ਜੇਕਰ ਕਿਸੇ ਨੂੰ ਸ਼ਰਾਬ ਆਦਿ ਦਾ ਨਸ਼ਾ ਜ਼ਿਆਦਾ ਹੋ ਜਾਵੇ ਤਾਂ ਇਹ ਕਿਰਿਆ ਕਰਨ ਨਾਲ ਨਸ਼ਾ ਘਟ ਜਾਵੇਗਾ।

**ਸਾਵਧਾਨੀਆਂ**

1. ਕੁੰਜਲ ਕਿਰਿਆ ਕਰਨ ਲਈ ਹਮੇਸ਼ਾ ਸਾਫ਼ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ।
2. ਕੁੰਜਲ ਕਿਰਿਆ ਕਰਦੇ ਸਮੇਂ ਪਾਣੀ ਰੁਕ-ਰੁਕ ਕੇ ਨਹੀਂ ਪੀਣਾ ਚਾਹੀਦਾ।
3. ਧਿਆਨ ਰੱਖੋ ਕਿ ਜੋ ਹਾਈ ਬਲੱਡ ਪਰੈਸ਼ਰ ਦੇ ਰੋਗੀ ਹਨ, ਉਹ ਨਮਕ ਦਾ ਪ੍ਰਯੋਗ ਨਾ ਕਰਨ।
4. ਹਾਰਟ ਦਾ ਰੋਗੀ ਇਸ ਕਿਰਿਆ ਨੂੰ ਨਹੀਂ ਕਰ ਸਕਦਾ ਹੈ।
5. ਜੇ ਪੇਟ ਸਬੰਧੀ ਕੋਈ ਅਪਰੇਸ਼ਨ ਕਰਵਾਇਆ ਹੋਵੇ, ਉਹ ਵਿਅਕਤੀ ਵੀ ਇਸ ਕਿਰਿਆ ਨੂੰ ਨਾ ਕਰੇ।

**ਲਾਭ**

. ਕੁੰਜਲ ਕਿਰਿਆ ਕਰਨ ਨਾਲ ਤੇਜ਼ਾਬ, ਗੈਸ ਅਤੇ ਐਸੀਡਿਟੀ ਦੇ ਰੋਗੀਆਂ ਨੂੰ ਬਹੁਤ ਲਾਭ ਮਿਲਦਾ ਹੈ।

2. ਇਸ ਕਿਰਿਆ ਨਾਲ ਪੇਟ ਦੀ ਚੰਗੀ ਤਰ੍ਹਾਂ ਸਫਾਈ ਹੋ ਜਾਂਦੀ ਹੈ।
3. ਦਮੇ ਦੇ ਰੋਗੀਆਂ ਲਈ ਇਹ ਕਿਰਿਆ ਬਹੁਤ ਲਾਭਕਾਰੀ ਹੈ।
4. ਸਰੀਰ ਹਲਕਾ ਹੋ ਜਾਂਦਾ ਹੈ।
5. ਕਫ ਦੋਸ਼ ਦੂਰ ਹੋ ਜਾਂਦੇ ਹਨ।
6. ਮਾਈਗਰੇਨ ਲਈ ਲਾਭਕਾਰੀ ਹੈ।
7. ਭੋਜਨ ਨਲੀ ਸਾਫ਼ ਹੋ ਜਾਂਦੀ ਹੈ।
8. ਮੋਟਾਪਾ ਘਟਦਾ ਹੈ।
9. ਮਾਨਸਿਕ ਰੋਗਾਂ ਲਈ ਲਾਹੇਵੰਦ ਹੈ।
10. ਪੱਥਰੀ ਬਣਨ ਤੋਂ ਰੋਕ ਲੱਗ ਜਾਂਦੀ ਹੈ।

# ਜੰਗਲਾਤ ਕਾਮਿਆਂ ਤੇ ਲਟਕੀ ਛਾਂਟੀ ਦੀ ਤਲਵਾਰ,25 ਅਪੈਲ ਨੂੰ ਮੰਤਰੀ ਦੇ ਹਲਕੇ 'ਚ ਲਾਉਣਗੇ ਧਰਨਾ



ਕੁਰਾਲੀ : ਜੰਗਲਾਤ ਵਰਕਰਜ ਯੂਨੀਅਨ ਪੰਜਾਬ ਦੀ ਸੂਬਾਈ ਮੀਟਿਗ ਸੁਬਾ ਪ ?ਧਾਨ ਅਮਰੀਕ ਸਿੰਘ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ ਜਸਵਿੰਦਰ ਸੋਜਾ ਤੇ ਵਿਰਸਾ ਸਿੰਘ ਅੰਮ੍ਰਿਤਸਰ ਦੀ ਅਗਵਾਈ ਹੇਠ ਵਣ ਭਵਨ ਮੁਹਾਲੀ ਵਿਖੇ ਹੋਈ ਜਿਸ ਵਿੱਚ ਫੈਸਲਾ ਕੀਤਾ ਗਿਆ ਕਿ 25 ਅਪ੍ਰੈਲ ਨੂੰ ਮਾਨਯੋਗ ਜੰਗਲਾਤ ਮੰਤਰੀ ਸੀ ? ਲਾਲ ਚੰਦ ਕਟਾਰੂ ਚੱਕ ਦੇ ਹਲਕਾ ਭੋਆ ਚ, ਵਿਸਾਲ ਰੈਲੀ ਤੇ ਰੋਸ ਮਾਰਚ ਕੀਤਾ ਜਾਵੇਗਾ ਉਸ ਦੇ ਨਾਲ ਹੀ ਇਨਾ ਆਗੂਆਂ ਨੇ ਕਿਹਾ ਕਿ 22 ਅਤੇ 23 ਅਪੈ ?ਲ ਨੂੰ ਵਣ ਮੰਡਲ ਅਫਸਰਾਂ ਦੇ ਦਫਤਰ ਅੱਗੇ ਇੱਕਤਰ ਹੋ ਕੇ ਵਿਸਾਲ ਰੋਸ ਧਰਨੇ ਦੇਣ ਉਪਰੰਤ ਮੰਗ ਪੱਤਰ ਵਿਭਾਗੀ ਅਧਿਕਾਰੀਆਂ ਨੂੰ ਦਿੱਤੇ ਜਾਣਗੇ ਇਥੇ ਇਹ ਵੀ ਵਰਨਣ ਯੋਗ ਹੈ ਕਿ ਪਿਛਲੇ ਦਿਨੀ ਸਰਕਾਰ ਵੱਲੋਂ ਜਾਰੀ ਪੱਤਰਾਂ ਨੂੰ ਦੇਖਦੇ ਹੋਏ ਉਸ ਤੋਂ ਸਾਫ ਜਾਹਰ ਹੋ ਰਿਹਾ ਹੈ ਕਿ ਸਰਕਾਰ ਇਸ ਵਿਭਾਗ ਨੂੰ ਨਿੱਜੀ ਹੱਥਾਂ ਚ,ਦੇਣ ਦੀ ਡੂੰਘੀ ਚਾਲ ਚੱਲ ਰਹੀ ਹੈ ਕਿਉਂਕਿ ਜਿੱਥੇ ਪਿਛਲੇ ਪੰਜ ਸਾਲ ਦੇ ਵਿੱਚ ਇਸ ਵਿਭਾਗ ਦੇ ਫ਼ੰਡਾਂ ਚ,ਕੱਟ ਲਗਾਏ ਜਾਂਦੇ ਰਹੇ ਜਿਸ ਨਾਲ ਜੰਗਲਾਂ ਦੀ ਗਿਣਤੀ ਅਤੇ ਪੌਦਿਆਂ ਦੀ ਗਿਣਤੀ ਨੂੰ ਲਗਾਤਾਰ ਘਟਾਇਆ ਜਾ ਰਿਹਾ ਸੀ ਪਰ ਇਸ ਸਾਲ ਵਿਭਾਗ ਵੱਲੋਂ ਪੱਤਰ ਜਾਰੀ ਕਰਕੇ ਇਹ ਤਾਂ ਹਦਾਇਤ ਕੀਤੀ ਗਈ ਆ ਕਿ ਵੱਡੇ ਪੱਧਰ ਤੇ ਜੰਗਰਾਤ ਵਿਭਾਗ ਅਧੀਨ ਰਕਬਾ ਵਧਾਇਆ ਜਾਵੇ ਪਰ ਉਹਨਾਂ ਪੱਤਰਾਂ ਤੋਂ ਉਹਨਾਂ ਦੀ ਮਨਸਾ ਇਹ ਸਾਫ ਜਾਹਿਰ ਕਰਦੀ ਹੈ ਕਿ ਪੱਤਰ ਇਕੱਲਾ ਰਕਬਾ ਵਧਾਉਣ ਦੀ ਗੱਲ ਨਹੀਂ ਕਰਦੇ ਉਸਦੇ ਨਾਲ ਹੀ ਵਿਭਾਗ ਨੂੰ ਪੰਚਾਇਤੀਕਰਨ ਅਤੇ ਨਿੱਜੀਕਰਨ ਵੱਲ ਧੱਕਣ ਦੀ ਗੱਲ ਵੀ ਕਰਦੇ ਹਨ ਜਿਸ ਕਾਰਨ ਜੰਗਲਾਤ ਕਾਮੇ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ ਅਤੇ ਉਹਨਾਂ ਨੂੰ ਸਪਸ਼ਟ ਚਮਕ ਰਿਹਾ ਹੈ ਕਿ ਜਿਹੜੇ ਇਹ ਵਿਭਾਗੀ ਪੱਤਰ ਹਨ ਇਹ ਇਹਨਾਂ ਨੂੰ ਛਾਂਟੀ ਵੱਲ ਧੱਕਣਗੇ ਉਹਨਾਂ ਦੇ ਲਗਾਤਾਰ ਚਲਦੇ ਅਰਧ ਰੁਜਗਾਰ ਨੂੰ ਸੱਟ ਮਾਰਨਗੇ ਜਿੱਥੇ ਜੰਗਲਾਤ ਵਿਭਾਗ ਦਾ ਕਾਮਾ ਲੰਮੇ ਸਮੇਂ ਤੋਂ ਪੱਕੇ ਹੋਣ ਦੀ ਉਮੀਦ ਲਗਾਈ ਬੈਠਾ ਸੀ ਚੋਣਾਂ ਤੋ ਪਹਿਲਾ ਆਮ ਆਦਮੀ ਪਾਰਟੀ ਵੱਲੋਂ ਇਹ ਕਿਹਾ ਗਿਆ ਸੀ ਕਿ ਸਾਡੀ ਸਰਕਾਰ ਬਣਨ ਤੋਂ ਬਾਅਦ ਸਾਰੇ ਕੱਚੇ ਕਾਮਿਆਂ ਨੂੰ ਪੱਕੇ ਕੀਤਾ ਜਾਵੇਗਾ ਪਰ ਹੁਣ ਉਹ ਕੱਚੇ ਕਾਮੇ ਉਸ ਤੋਂ ਵੀ ਕੱਚੇ ਹੋਣ ਵਾਲੇ ਪਾਸੇ ਜਾ ਰਹੇ ਹਨ ਕਿਉਂਕਿ ਵਿਭਾਗ ਇਹਨਾਂ ਕਾਮਿਆਂ ਨੂੰ ਆਪਣੇ ਵਿਭਾਗ ਵਿੱਚ ਰੱਖਣ ਦੀ ਬਜਾਏ ਉਲਟਾ ਮਨਰੇਗਾ ਦੇ ਪੱਲੇ ਪਾਉਣ ਦੀਆਂ ਗੱਲਾਂ ਕਰ ਰਿਹਾ ਜਿਸ ਨਾਲ ਜਿਥੇ ਇੰਨਾ ਕਾਮਿਆਂ ਦੀ ਪਿਛਲੇ ਸਮਿਆਂ ਦੀ ਸੀਨੀਆਰਤਾ ਵੀ ਪ੍ਰਭਾਵਿਤ ਹੋਵੇਗੀ ਸਾਰਾ ਸਾਲ ਮਿਲਦੇ ਰੁਜਗਾਰ ਤੇ ਵੀ ਪ ?ਸਨ ਚਿੰਨ ਲੱਗੇਗਾ ਉਥੇ ਹੀ ਉਹਨਾਂ ਹਜ਼ਾਰਾਂ ਲੋਕਾਂ ਦੇ ਰੁਜ਼ਗਾਰ ਤੇ ਸੱਟ ਬੱਜੇਗੀ ਜਿਹੜੇ ਆਏ ਸਾਲ ਮਨਰੇਗਾ ਦੇ ਵਿੱਚ 100 ਦਿਨ ਜਾਂ 50 ਦਿਨ ਦਿਹਾੜੀ ਕਰਕੇ ਆਪਣਾ ਤੇ ਆਪਣੇ ਬੱਚਿਆਂ ਦਾ ਪੇਟ ਪਾਲਦੇ ਹਨ ਇਹਨਾਂ ਕਾਮਿਆਂ ਦੀ ਹਮਾਇਤ ਕਰਦਿਆਂ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਦੇ ਪ ?ਧਾਨ ਸਤੀਸ ਰਾਣਾ ਦਰਸ਼ਨ ਬੇਲੂ ਮਾਜਰਾ ,ਮਨਜੀਤ ਸੈਣੀ ਤੇ ਮੱਖਣ ਸਿੰਘ ਵਾਹਿਦਪੁਰੀ ਨੇ ਕਿਹਾ ਕੀ ਦੂਸਰੇ ਵਿਭਾਗਾਂ ਨੂੰ ਨਿਜੀ ਹੱਥਾਂ ਚ ਦੇਣ ਦੀ ਤਰਜ ਤੇ ਜੰਗਲਾਤ ਵਿਭਾਗ ਵੀ ਉਸ ਪਾਸੇ ਨੂੰ ਸਾਬਤ ਕਦਮ ਪੁੱਟ ਰਿਹਾ ਹੈ ਕਿਉਂਕਿ ਪਿਛਲੇ ਸਮੇਂ ਚ ਸਰਕਾਰ ਵੱਲੋਂ ਜਿੱਥੇ ਬਿਜਲੀ, ਸੜਕਾਂ ਤੇ ਪਾਣੀ ਨਿੱਜੀ ਹੱਥਾਂ ਚ ਦਿੱਤਾ ਗਿਆ ਉਸੇ ਤਰ੍ਹਾਂ ਹੁਣ ਜਿਹੜੇ ਚਿੱਠੀ ਪੱਤਰ ਨੇ ਇਹ ਸਪਸ਼ਟ ਕਰਦੇ ਹਨ ਕਿ ਵਿਭਾਗ ਨੂੰ ਹੌਲੀ ਹੌਲੀ ਪੰਚਾਇਤੀ ਕਰਨ ਤੇ ਉਸ ਤੋਂ ਬਾਅਦ ਨਿੱਜੀ ਹੱਥਾਂ ਵੱਲ ਧੱਕਿਆ ਜਾ ਰਿਹਾ ਹੈ ਇਸ ਨੂੰ ਪੰਜਾਬ ਦੇ ਲੋਕ ਕਦੇ ਵੀ ਇਹ ਬਰਦਾਸ਼ਤ ਨਹੀਂ ਕਰਨਗੇ ਉਹ ਇਸਦਾ ਡੱਟ ਕੇ ਵਿਰੋਧ ਕਰਨਗੇ ਉਹਨਾਂ ਕਿਹਾ ਕਿ ਪੰਜਾਬ ਸੁਬਾਰਡੀਨੇਟ ਸਰਵਿਸਿਜ ਫ਼ੈਡਰੇਸ਼ਨ ਇਹਨਾਂ ਜੰਗਲਾਤ ਕਾਮਿਆਂ ਦੀ ਡਟ ਕੇ ਹਮਾਇਤ ਕਰੇਗੀ ਜੇਕਰ ਸਰਕਾਰ ਨੇ ਇਨਾ ਕਾਮਿਆਂ ਦੇ ਮਸਲਿਆਂ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੀਆ ਲੋਕ ਸਭਾ ਚੋਣਾਂ ਦੇ ਵਿੱਚ ਸਰਕਾਰ ਨੂੰ ਇਸਦਾ ਖਮਿਆਜਾ ਭੁਗਤਣਾ ਪਵੇਗਾ ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ, ਸਤਨਾਮ ਸਿੰਘ ਸੰਗਰੂਰ ,ਰਵੀਕਾਂਤ ਰੋਪੜ, ਮਲਕੀਤ ਮੁਕਤਸਰ ,ਸੁਲੱਖਣ ਸਿੰਘ ,ਰਣਜੀਤ ਸਿੰਘ ਗੁਰਦਾਸਪੁਰ,ਸੇਰ ਸਿੰਘ ਸਰਹਿੰਦ,ਜਗਤਾਰ ਸਿੰਘ ਸਾਹਪੁਰ ,ਬੋਘ ਸਿੰਘ ਮਾਨਸਾ ਅਤੇ ਸੁਖਦੇਵ ਸਿੰਘ ਜਲੰਧਰ ਵੱਖ-ਵੱਖ ਜਿਲਿਆਂ ਨਾਲ ਸੰਬੰਧਿਤ ਆਗੂ ਵੱਡੀ ਗਿਣਤੀ ਵਿੱਚ ਪੁੱਜੇ ਜਿਨਾਂ ਨੇ ਇਹ ਫੈਸਲਾ ਕੀਤਾ ਕਿ ਜਿੱਥੇ ਉਹ 22 ਅਤੇ 23 ਤਰੀਕ ਨੂੰ ਆਪਣੇ ਵਣ ਮੰਡਲਾ ਅੱਗੇ ਸਰਕਾਰ ਦੇ ਇਸ ਮੁਲਾਜ਼ਮ ਵਿਰੋਧੀ ਪੱਤਰਾਂ ਦਾ ਵਿਰੋਧ ਕਰਨਗੇ ਉੱਥੇ 25 ਤਰੀਕ ਨੂੰ ਆਪਣੇ ਹਜ਼ਾਰਾਂ ਸਾਥੀਆਂ ਨਾਲ ਵਹੀਰਾ ਘੱਤਕੇ ਜੰਗਲਾਤ ਮੰਤਰੀ ਦੇ ਹਲਕੇ ਭੋਆ ਵਿੱਚ ਪਹੁੰਚਣਗੇ ਤੇ ਆਪਣਾ ਵਿਰੋਧ ਜਤਾਉਣਗੇ ।

# ਹਲਕਾ ਵਿਧਾਇਕ ਮੁੰਡੀਆਂ ਵੱਲੋਂ ਆਪ ਉਮੀਦਵਾਰ ਜੀਪੀ ਦੇ ਹੱਕ ਵਿੱਚ ਕੀਤੀ ਜਾ ਰਹੀ ਰੈਲੀ 'ਚ ਸ਼ਾਮਲ ਹੋਣ ਲਈ ਜੱਥਾ ਲੈਕੇ ਸਰਹਿੰਦ ਲਈ ਹੋਏ ਰਵਾਨਾ



ਕੋਹਾੜਾ : ਲੋਕ ਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਉਮੀਦਵਾਰ ਗੁਰਪ੍ਰੀਤ ਸਿੰਘ ਜੀਪੀ ਦੀ ਚੋਣ ਮੁਹਿੰਮ ਨੂੰ ਹੁੰਗਾਰਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੰਘਿਆਨਾ ਫਾਰਮ ਨੇੜੇ ਮਾਧੋਪੁਰ ਚੌਂਕ ਸਰਹਿੰਦ ਵਿਖੇ ਪਹੁੰਚ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪੰਜਾਬ ਵਿੱਚ ਹੋਣ ਵਾਲੀ ਪਹਿਲੀ ਚੋਣ ਰੈਲੀ ਨੂੰ ਸਫ਼ਲ ਬਣਾਉਣ ਲਈ ਹਲਕਾ ਸਾਹਨੇਵਾਲ ਦੇ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਦੀ ਅਗਵਾਈ ਵਿੱਚ ਸੈਂਕੜੇ ਵਰਕਰਾਂ ਅਤੇ ਬੱਸਾਂ ਅਤੇ ਕਾਰਾਂ ਦਾ ਕਾਫਲਾ ਲੈ ਕੇ ਸਾਹਨੇਵਾਲ ਤੋਂ ਰਵਾਨਾ ਹੋਏ। ਇਸ ਮੌਕੇ ਹਲਕਾ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਲੋਕਸਭਾ ਹਲਕਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਪ੍ਰੀਤ ਸਿੰਘ ਜੀਪੀ ਬਹੁਤ ਹੀ ਮਿਲਣਸਾਰ, ਸ਼ਰੀਫ਼ ਅਤੇ ਇਮਾਨਦਾਰ ਉਮੀਦਵਾਰ ਆਪ ਪਾਰਟੀ ਨੇ ਚੋਣ ਮੈਦਾਨ ਵਿੱਚ ਉਤਾਰਿਆ ਹੈ ਅਤੇ ਗੁਰਪ੍ਰੀਤ ਸਿੰਘ ਜੀਪੀ ਦੇ ਹੱਕ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਦੀ ਪਹਿਲੀ ਚੋਣ ਰੈਲੀ ਨੂੰ ਸੰਬੋਧਿਤ ਕਰਨ ਲਈ ਵਿਸ਼ੇਸ਼ ਤੌਰ 'ਤੇ ਸਰਹਿੰਦ ਪਹੁੰਚ ਰਹੇ ਹਨ। ਇਸ ਚੋਣ ਰੈਲੀ ਨੂੰ ਸਫ਼ਲ ਬਣਾਉਣ ਲਈ ਹਲਕਾ ਸਾਹਨੇਵਾਲ ਤੋਂ ਸੈਂਕੜੇ ਵਰਕਰਾਂ ਦਾ ਜੱਥਾ ਲੈ ਕੇ ਰਵਾਨਾ ਹੋ ਰਹੇ ਹਾਂ। ਉਨਾਂ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪਿਛਲੇ 2 ਸਾਲਾਂ ਤੋਂ ਕੀਤੇ ਗਏ ਕੰਮਾਂ ਤੋਂ ਅੱਜ ਸੂਬੇ ਦੀ ਜਨਤਾ ਸੰਤੁਸ਼ਟ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਨਾਅਰਾ 13-0 ਨੂੰ ਸੂਬੇ ਦੀ ਜਨਤਾ ਵੋਟਾਂ ਪਾਕੇ ਜ਼ਰੂਰ ਬੋਲੰਦ ਕਰੇਗੀ ਅਤੇ ਪੰਜਾਬ ਦੀ ਜਨਤਾ ਪੂਰੀ ਦੁਨੀਆ ਵਿੱਚ ਸਾਰੀਆਂ ਸੀਟਾਂ ਆਪ ਪਾਰਟੀ ਨੂੰ ਜਤਾਕੇ ਇੱਕ ਇਤਿਹਾਸਕ ਮਿਸਾਲ ਪੈਦਾ ਕਰੇਗੀ। ਇਸ ਮੌਕੇ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਹੇਮਰਾਜ ਰਾਜੀ ਸਾਹਨੇਵਾਲ, ਪ੍ਰਧਾਨ ਅੰਮ੍ਰਿਤਪਾਲ ਸਿੰਘ ਕਨੇਚ, ਬਲਾਕ ਪ੍ਰਧਾਨ ਪ੍ਰਧਾਨ ਕੁਲਦੀਪ ਐਰੀ, ਬਲਾਕ ਪ੍ਰਧਾਨ ਤਜਿੰਦਰ ਸਿੰਘ ਮਿੰਟੂ, ਗੁਰਮੀਤ ਸਿੰਘ ਪੱਪੂ ਤਲਵਾੜਾ, ਹਰਵਿੰਦਰ ਕੁਮਾਰ ਪੱਪੀ,ਹਰਦੇਵ ਸਿੰਘ ਹਰਦੇਵ ਸਿੰਘ ਸੋਢੀ,ਬਿੱਟੂ ਮੂੰਡੀਆ,ਅਰਵਿੰਦ ਜੋਲੀ ਮੂੰਡੀਆ,ਕਰਨ ਨੰਨਚਾਲ,ਦਲਜੀਤ ਸਿੰਘ ਚੌਹਾਨ ,ਪ੍ਰਿੰਸ ਸੈਣੀ,ਅਵਨੀਤ ਕੋਰ ਅਲਕਾ ਮੇਹਰਬਾਨ ,ਦਲਜੀਤ ਕੋਰ ਮੂੰਡੀਆ,ਨੇਹਾ ਜਮਾਲਪੁਰ,ਗੁੰਡੂ ਲਾਲਾ ਢੰਡਾਰੀ, ਗੁਰਪਾਲ ਸਿੰਘ,ਸੁਰਜੀਤ ਸਿੰਘ ਪਰਤਾਪਗੜ, ਜਸਪੀਤ ਸਿੰਘ ਮੇਹਰਬਾਨ, ਸੱਤਪਾਲ ਸਿੰਘ ਸੱਤਾ, ਐੱਸਸੀ ਵਿੰਗ ਜਿਲ੍ਹਾ ਦਿਹਾਤੀ ਪ੍ਰਧਾਨ ਬਲਵੰਤ ਸਿੰਘ ਨੰਦਪੁਰ,ਜਸਕਰਨ ਸਿੰਘ ਲਾਲੀ, ਬਲਾਕ ਪ੍ਰਧਾਨ ਮਨਪ੍ਰੀਤ ਸਿੰਘ ਧਾਮੀ, ਸਤਵਿੰਦਰ ਸਿੰਘ ਹੈਪੀ ,ਇੰਦਰਪਾਲ ਸਿੰਘ ਗਰੇਵਾਲ, ਹਰਪੀ ?ਤ ਸਿੰਘ ਸੈਬੀ,ਅਮਰਜੀਤ ਸਿੰਘ ਬੱਬੂ, ਸੋਮਨਾਥ ਰੱਤੂ, ਪਰਮਿੰਦਰ ਸਿੰਘ ਪਿੰਦੀ, ਪਰਮਿੰਦਰ ਸਿੰਘ ਪੱਪੂ, ਕੁਲਵਿੰਦਰ ਸ਼ਾਰਦੇ ਬੱਬੂ ਮੂੰਡੀਆ,ਹਰਦੀਪ ਸਾਹਨੇਵਾਲ,ਚੰਨਾ ਸਾਹਨੇਵਾਲ ,ਸੋਨੂੰ ਸਾਹਨੇਵਾਲ,ਆਦਿ ਭਾਰੀ ਗਿਣਤੀ ਵਿੱਚ ਹਲਕਾ ਸਾਹਨੇਵਾਲ ਦੇ ਆਗੂ ਅਤੇ ਵਰਕਰ ਰੈਲੀ ਲਈ ਰਵਾਨਾ ਹੋਏ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com